ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

# Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

You Tube https://youtu.be/LQwolgxDu7I

awazeqaumtvpunjab@gmail.com

ਐਤਵਾਰ, 14 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੨ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਖ਼ਾਲਸਾ ਸਾਜਣਾ ਦਿਵਸ ਮਨਾਉਣ ਲਈ ਸ਼੍ਰੋਮਣੀ ਕਮੇਟੀ ਵੱਲੋਂ ਸਿੱਖ ਸ਼ਰਧਾਲੂਆਂ ਦਾ ਜਥਾ ਪਾਕਿਸਤਾਨ ਲਈ ਰਵਾਨਾ



**ਅੰਮ੍ਰਿਤਸਰ, 13 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਖ਼ਾਲਸਾ ਸਾਜਣਾ ਦਿਵਸ (ਵਿਸਾਖੀ) ਮੌਕੇ ਗੁਰਦੁਆਰਾ ਸ੍ਰੀ ਪੰਜਾ ਸਾਹਿਬ ਵਿਖੇ ਹੋਣ ਵਾਲੇ ਸਮਾਗਮਾਂ ਵਿਚ ਸ਼ਮੂਲੀਅਤ ਕਰਨ ਲਈ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ 929 ਸਿੱਖ ਸ਼ਰਧਾਲੂਆਂ ਦਾ ਜਥਾ ਖ਼ਾਲਸਾਈ ਜੈਕਾਰਿਆਂ ਦੀ ਗੂੰਜ 'ਚ ਰਵਾਨਾ ਕੀਤਾ ਗਿਆ। ਸ਼੍ਰੋਮਣੀ ਕਮੇਟੀ ਦਫਤਰ ਤੋਂ ਰਵਾਨਗੀ ਕਰਨ ਸਮੇਂ ਜਥੇ ਦੀ ਅਗਵਾਈ ਕਰਨ ਵਾਲੇ ਸ਼੍ਰੋਮਣੀ ਕਮੇਟੀ ਮੈਂਬਰ ਸ. ਕੁਲਵੰਤ ਸਿੰਘ ਮੰਨਣ, ਸ. ਅਮਰਜੀਤ ਸਿੰਘ ਭਲਾਈਪੁਰ, ਸ ਰਵਿੰਦਰ ਸਿੰਘ ਖਾਲਸਾ ਤੇ ਜਨਰਲ ਪ੍ਰਬੰਧਕ ਵਜੋਂ ਗਏ ਸ਼੍ਰੋਮਣੀ ਕਮੇਟੀ ਦੇ ਸੁਪਰਵਾਈਜ਼ਰ ਸ. ਪਰਮਜੀਤ ਸਿੰਘ ਤੇ ਸ. ਰਣਜੀਤ ਸਿੰਘ ਭੋਮਾ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਤੇ ਅਧਿਕਾਰੀਆਂ ਨੇ ਸਿਰੋਪਾਓ ਅਤੇ ਫੁੱਲਾਂ ਦੇ ਹਾਰ ਪਾ ਕੇ ਸਨਮਾਨ ਦਿੱਤਾ। ਇਸ ਮੌਕੇ ਗੱਲਬਾਤ ਕਰਦਿਆਂ ਜਥੇ ਦੇ ਆਗੂ ਸ. ਕੁਲਵੰਤ ਸਿੰਘ ਮੰਨਣ ਨੇ ਕਿਹਾ ਕਿ ਪਾਕਿਸਤਾਨ ਅੰਦਰ ਸਥਿਤ ਗੁਰਦੁਆਰਾ ਸਾਹਿਬਾਨ ਦੇ ਦਰਸ਼ਨਾਂ ਲਈ ਹਰ ਸਿੱਖ ਦੇ ਮਨ ਅੰਦਰ ਤਾਂਘ ਹੁੰਦੀ ਹੈ ਅਤੇ ਦਰਸ਼ਨ ਲਈ ਸਮਾਂ ਮਿਲਣ ਤੇ ਸਿੱਖ ਆਪਣੇ ਆਪ ਨੂੰ ਵਡਭਾਗਾ ਮਹਿਸੂਸ ਕਰਦੇ ਹਨ।

### ਖ਼ਾਲਸਾ ਸਾਜਣਾ ਦਿਵਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਵੱਡੀ ਗਿਣਤੀ ਸੰਗਤ ਹੋਈ ਨਤਮਸਤਕ

# ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸਜਾਏ ਗਏ ਧਾਰਮਿਕ ਦੀਵਾਨ





**ਅੰਮ੍ਰਿਤਸਰ, 13 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-325ਵੇਂ ਖ਼ਾਲਸਾ ਸਾਜਣਾ ਦਿਵਸ ਮੌਕੇ ਅੱਜ ਇਥੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਭਰਵੀਂ ਗਿਣਤੀ 'ਚ ਸੰਗਤਾਂ ਨਤਮਸਤਕ ਹੋਈਆਂ। ਸ਼ਰਧਾਲੂਆਂ ਨੇ ਇਸ ਪਾਵਨ ਅਸਥਾਨ 'ਤੇ ਹਾਜ਼ਰੀ ਭਰ ਕੇ ਜਿਥੇ ਗੁਰਬਾਣੀ ਕੀਰਤਨ ਸਰਵਨ ਕੀਤਾ, ਉਥੇ ਪਵਿੱਤਰ ਸਰੋਵਰ ਵਿਚ ਇਸ਼ਨਾਨ ਕਰਕੇ ਸ਼ਰਧਾ ਪ੍ਰਗਟਾਈ। ਇਸੇ ਦੌਰਾਨ ਹਰ ਸਾਲ ਵਾਂਗ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਧਾਰਮਿਕ ਦੀਵਾਨ ਸਜਾਏ ਗਏ। ਬੀਤੇ ਕੱਲ੍ਹ ਤੋਂ ਸਜੇ ਧਾਰਮਿਕ ਦੀਵਾਨ ਵਿਚ ਸਿੱਖ ਧਰਮ ਦੇ ਪ੍ਰਚਾਰਕ, ਕਥਾਵਾਚਕ, ਰਾਗੀ, ਢਾਡੀ ਅਤੇ ਕਵੀਸ਼ਰ ਜਥਿਆਂ ਨੇ ਸੰਗਤ ਨੂੰ ਖਾਲਸਾ ਪੰਥ ਦੇ ਸਾਜਣਾ ਦਿਹਾੜੇ ਦਾ ਸ਼ਾਨਾਮਤਾ ਇਤਿਹਾਸ ਨਾਲ ਜੋੜਿਆ।

ਇਸੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਕਰਵਾਇਆ ਗਿਆ, ਜਿਸ ਵਿਚ ਵੱਡੀ ਗਿਣਤੀ ਪ੍ਰਾਣੀ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਕੇ ਗੁਰੂ ਵਾਲੇ ਬਣੇ। ਅੰਮ੍ਰਿਤ ਅਭਿਲਾਖੀਆਂ ਨੂੰ ਕਕਾਰ ਧਰਮ ਪ੍ਰਚਾਰ ਕਮੇਟੀ ਵੱਲੋਂ ਭੇਟਾ ਰਹਿਤ ਦਿੱਤੇ ਗਏ। ਖਾਲਸਾ ਸਾਜਣਾ ਦਿਵਸ ਨੂੰ ਸਮਰਪਿਤ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੁੰਦਰ ਦੀਪਮਾਲਾ ਵੀ ਕੀਤੀ ਗਈ ਹੈ।

# ਸਿੰਘ ਸਾਹਿਬਾਨ ਦੇ ਆਦੇਸ਼ ਅਨੁਸਾਰ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਝੁਲਾਏ ਖਾਲਸਈ ਨਿਸ਼ਾਨ

### ਮੂਲਮੰਤਰ ਤੇ ਗੁਰਮੰਤਰ ਦਾ ਜਾਪ ਕਰਕੇ ਪੰਥ ਦੀ ਚੜ੍ਹਦੀ ਕਲਾ ਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਕੀਤੀ ਅਰਦਾਸ



**ਅੰਮ੍ਰਿਤਸਰ, 13 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪੰਜ ਸਿੰਘ ਸਾਹਿਬਾਨ ਵੱਲੋਂ 325ਵੇਂ ਖਾਲਸਾ ਸਾਜਣਾ ਦਿਵਸ ਮੌਕੇ ਸਮੁੱਚੀ ਸਿੱਖ ਕੌਮ ਨੂੰ ਆਪਣੇ ਘਰਾਂ 'ਤੇ ਖਾਲਸਈ ਝੰਡੇ ਝੁਲਾਉਣ ਦੇ ਆਦੇਸ਼ ਮੁਤਾਬਿਕ ਅੱਜ ਸ਼੍ਰੋਮਣੀ ਕਮੇਟੀ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਸ਼੍ਰੋਮਣੀ ਕਮੇਟੀ ਦੇ ਦਫ਼ਤਰ ਸਮੂਹ ਵਿਚ ਖਾਲਸਈ ਨਿਸ਼ਾਨ ਝੁਲਾਏ ਗਏ। ਇਸ ਪਹਿਲਾਂ ਤੇਜਾ ਸਿੰਘ ਸਮੁੰਦਰੀ ਹਾਲ ਵਿਚ ਮੁਲਾਜ਼ਮਾਂ ਨੇ ਸਮੂਹਕ ਰੂਪ ਵਿਚ ਮੂਲਮੰਤਰ ਅਤੇ ਗੁਰਮੰਤਰ ਦਾ ਜਾਪ ਕਰਕੇ ਸਿੱਖ ਕੌਮ ਦੀ ਚੜ੍ਹਦੀ ਕਲਾ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਅਰਦਾਸ ਕੀਤੀ। ਇਸ ਮੌਕੇ ਗੱਲਬਾਤ ਕਰਦਿਆਂ ਸ਼੍ਰੋਮਣੀ ਕਮੇਟੀ ਦੇ ਸਕੱਤਰ ਸ. ਪ੍ਰਤਾਪ ਸਿੰਘ ਨੇ ਕਿਹਾ ਕਿ ਸਿੰਘ ਸਾਹਿਬਾਨ ਦੇ ਹਰਇਕ ਆਦੇਸ਼ ਦਾ ਸਿੱਖ ਕੌਮ ਲਈ ਵੱਡਾ ਮਹੱਤਵ ਹੁੰਦਾ ਹੈ, ਜਿਸ ਦੀ ਪਾਲਣਾ ਕਰਨਾ ਕੌਮ ਦੀ ਜ਼ੁੰਮੇਵਾਰੀ ਹੈ। ਉਨ੍ਹਾਂ ਕਿਹਾ ਕਿ ਜਿਥੇ ਹਰ ਘਰ ਅੰਦਰ ਸਿੱਖਾਂ ਨੇ ਖਾਲਸਈ ਝੰਡੇ ਝੁਲਾ ਕੇ 325ਵੇਂ ਖਾਲਸਾ ਸਾਜਣਾ ਦਿਵਸ ਨੂੰ ਇਤਿਹਾਸਕ ਬਣਾਉਣਾ ਹੈ, ਉਥੇ ਹੀ ਅੱਜ ਸ਼੍ਰੋਮਣੀ ਕਮੇਟੀ ਦਫ਼ਤਰ ਵਿਖੇ ਮੁਲਾਜ਼ਮ ਪਰਿਵਾਰ ਵੱਲੋਂ ਕੌਮ ਦੀ ਚੜ੍ਹਦੀ ਕਲਾ ਦਾ ਪ੍ਰਗਟਾਵਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ 1699 ਦੀ ਵਿਸਾਖੀ ਵਾਲੇ ਦਿਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਖਾਲਸੇ ਦੀ ਸਿਰਜਣਾ ਕਰਕੇ ਸਵੈਮਾਣ ਨਾਲ ਜਿਊਣ ਦਾ ਰਾਹ ਦਿਖਾਇਆ। ਸਾਡਾ ਸਭ ਦਾ ਫ਼ਰਜ਼ ਹੈ ਕਿ ਗੁਰੂ ਸਾਹਿਬ ਵੱਲੋਂ ਸਾਜੇ ਖਾਲਸੇ ਦੇ ਮਨੋਰਥ ਅਨੁਸਾਰ ਕੌਮ ਦੀ ਚੜ੍ਹਦੀ ਕਲਾ ਲਈ ਕਾਰਜਸ਼ੀਲ ਰਹੀਏ। ਇਸ ਮੌਕੇ ਉਨ੍ਹਾਂ ਸਮੁੱਚੀ ਕੌਮ ਨੂੰ ਖਾਲਸਾ ਸਾਜਣਾ ਦਿਵਸ ਦੀ ਵਧਾਈ ਵੀ ਦਿੱਤੀ। ਇਸ ਮੌਕੇ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਓਐਸਡੀ ਸ. ਸਤਬੀਰ ਸਿੰਘ ਧਾਮੀ, ਵਧੀਕ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਸ. ਕੁਲਵਿੰਦਰ ਸਿੰਘ ਰਮਦਾਸ, ਸ. ਗੁਰਿੰਦਰ ਸਿੰਘ ਮਥਰੇਵਾਲ, ਸ. ਬਿਜੈ ਸਿੰਘ, ਸ. ਪ੍ਰੀਤਪਾਲ ਸਿੰਘ, ਮੀਤ ਸਕੱਤਰ ਸ. ਸ਼ਾਹਬਾਜ਼ ਸਿੰਘ, ਸ. ਜਸਵਿੰਦਰ ਸਿੰਘ ਜੱਸੀ, ਸ. ਬਲਵਿੰਦਰ ਸਿੰਘ ਖੈਰਾਬਾਦ, ਸ. ਗੁਰਨਾਮ ਸਿੰਘ, ਸ. ਹਰਜਭਨ ਸਿੰਘ ਵਕਤਾ, ਸ. ਸੁਖਬੀਰ ਸਿੰਘ, ਸੁਪਰਡੈਂਟ ਸ. ਨਿਸ਼ਾਨ ਸਿੰਘ ਤੇ ਸਮੂਹ ਮੁਲਾਜ਼ਮ ਮੌਜੂਦ ਸਨ।



AWAZE QAUM International Newspaper & WEB TV

ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ





## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਜਥਾ ਭਿੰਡਰਾਂ (ਮਹਿਤਾ)
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

# ਖ਼ਾਲਸਾਈ ਨਿਸ਼ਾਨ ਸਾਹਿਬ ਪੰਥ ਅਤੇ ਪੰਜਾਬ ਦੇ ਬਾਗੀ ਸੁਭਾਅ ਤੇ ਚੜ੍ਹਦੀ ਕਲਾ ਦਾ ਪ੍ਰਤੀਕ : ਰਣਜੀਤ ਸਿੰਘ/ਕਮਲਜੀਤ ਕੌਰ

**ਅੰਮ੍ਰਿਤਸਰ**, 13 ਅਪ੍ਰੈਲ (**ਆਵਾਜ਼ਿ ਕੌਮ ਬਿਊਰੋ**)-ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੁਕਮ 'ਤੇ ਪਹਿਰਾ ਦਿੰਦਿਆਂ ਖ਼ਾਲਸੇ ਦੇ ਪ੍ਰਗਟ ਦਿਹਾੜੇ (ਵੈਸਾਖੀ) 'ਤੇ ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ, ਬੀਬਾ ਕਮਲਜੀਤ ਕੌਰ ਨਿਹੰਗ, ਭੁਝੰਗੀ ਗੁਰਪੰਥ ਪ੍ਰਥਮ ਸਿੰਘ ਤੇ ਗੁਰਬਾਜ਼ ਸਿੰਘ ਵੱਲੋਂ ਆਪਣੇ ਘਰ ਅਤੇ ਗੁਰਦੁਆਰਾ ਸਾਹਿਬ ਵਿਖੇ ਖ਼ਾਲਸਾਈ ਨਿਸ਼ਾਨ ਸਾਹਿਬ ਝੁਲਾਏ ਗਏ ਅਤੇ ਭਾਰਤ ਦੀਆਂ ਵੱਖ-ਵੱਖ ਜੇਲ੍ਹਾਂ 'ਚ ਨਜ਼ਰਬੰਦ ਸਮੂਹ ਬੰਦੀ ਸਿੰਘਾਂ ਦੀ ਰਿਹਾਈ ਤੇ ਖ਼ਾਲਸਾ ਪੰਥ ਦੀ ਚੜ੍ਹਦੀ ਕਲਾ ਲਈ ਮੂਲ ਮੰਤਰ ਤੇ ਗੁਰ ਮੰਤਰ ਦੇ ਜਾਪ ਵੀ ਕੀਤੇ ਗਏ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਖ਼ਾਲਸਾਈ ਨਿਸ਼ਾਨ ਸਾਹਿਬ ਜੋ ਪੰਥ ਅਤੇ ਪੰਜਾਬ ਦੇ ਬਾਗ਼ੀ ਸੁਭਾਅ ਅਤੇ ਚੜ੍ਹਦੀ ਕਲਾ ਦਾ ਪ੍ਰਤੀਕ ਹੈ। ਇਹ ਸਾਨੂੰ ਕੌਮੀ ਸ਼ਹੀਦਾਂ ਦੀ ਯਾਦ ਦਿਵਾਉਂਦਾ ਹੈ ਅਤੇ ਖ਼ਾਲਸਾ ਬਾਗ਼ੀ ਜਾਂ ਬਾਦਸ਼ਾਹ ਹੋਣ ਦਾ ਅਹਿਸਾਸ ਜਗਾਉਂਦਾ ਹੈ। ਉਹਨਾਂ ਕਿਹਾ ਕਿ 13 ਅਪ੍ਰੈਲ 1978 ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਸਤਿਕਾਰ ਬਹਾਲ ਕਰਵਾਉਣ ਲਈ ਸ਼ਹਾਦਤਾਂ ਪ੍ਰਾਪਤ ਕਰਨ ਵਾਲੇ 13 ਸ਼ਹੀਦਾਂ ਨੂੰ ਵੀ ਸਾਡਾ ਪ੍ਰਣਾਮ ਹੈ। ਉਹਨਾਂ ਕਿਹਾ ਕਿ ਪਤਿਤਪੁਣੇ ਅਤੇ ਨਸ਼ਿਆਂ 'ਚ ਗਲਤਾਨ ਹੋ ਚੁੱਕੇ ਨੌਜਵਾਨੋ ਕੌਮ ਨੂੰ ਤੁਹਾਡੀ ਲੋੜ ਹੈ, ਆਓ ਕਲਗੀਧਰ ਪਾਤਸ਼ਾਹ ਦੇ ਚਰਨਾਂ 'ਚ ਸਿਰ ਭੇਟਾ ਕਰੀਏ ਤੇ ਖੰਡੇ-ਬਾਟੇ ਦਾ ਅੰਮ੍ਰਿਤ ਛਕ ਕੇ ਬਾਣੀ-ਬਾਣੇ ਦੇ ਧਾਰਨੀ ਤੇ ਸ਼ਸਤਰਧਾਰੀ ਹੋਈਏ। ਇਸ ਤੋਂ ਇਲਾਵਾ ਫ਼ੈਡਰੇਸ਼ਨ ਦੇ ਸਾਬਕਾ ਪ੍ਰਧਾਨ ਭਾਈ ਬਲਵੰਤ ਸਿੰਘ ਗੋਪਾਲਾ, ਸੀਨੀਅਰ ਮੀਤ ਪ੍ਰਧਾਨ ਭਾਈ ਭੁਪਿੰਦਰ ਸਿੰਘ ਛੇ ਜੂਨ, ਜਨਰਲ ਸਕੱਤਰ ਭਾਈ ਗਗਨਦੀਪ ਸਿੰਘ ਸੁਲਤਾਨਵਿੰਡ, ਜਥੇਬੰਦਕ ਸਕੱਤਰ ਭਾਈ ਮਨਪ੍ਰੀਤ ਸਿੰਘ ਮੰਨਾ, ਭਾਈ ਹਰਪ੍ਰੀਤ ਸਿੰਘ ਬੰਟੀ, ਭਾਈ ਸੁਖਵਿੰਦਰ ਸਿੰਘ ਨਿਜ਼ਾਮਪੁਰ ਆਦਿ ਸਿੰਘਾਂ ਨੇ ਵੀ ਆਪਣੇ ਘਰਾਂ ਤੇ ਨਿਸ਼ਾਨ ਸਾਹਿਬ ਝੁਲਾਏ।



ਆਵਾਜ਼ਿ ਕੌਮ AWAZE QAUM
International Newspaper & WEB TV

24 SERVICE EVERYDAY HOURS
100% VEGETARIAN PURE AND NATURAL
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ | ਾ ਕੰਨਾ | ਿ ਸਿਹਾਰੀ | ੀ ਬਿਹਾਰੀ
ੁ ਔਂਕੜ | ੂ ਦੁਲੈਂਕੜ | ੇ ਲਾਂ | ੈ ਦੁਲਾਵਾਂ
ੋ ਹੋੜਾ | ੌ ਕਨੌੜਾ | ੰ ਟਿੱਪੀ | ਾਂ ਕੰਨਾ-ਬਿੰਦੀ
www.damdamitaksal.net

੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI

# ਅੰਮ੍ਰਿਤਸਰ ਦੀ ਟੈਕਸਟਾਈਲ ਇੰਡਸਟਰੀ ਨੂੰ ਮੁੜ ਪੈਰਾਂ 'ਤੇ ਖੜ੍ਹਾ ਕੀਤਾ ਜਾਵੇਗਾ- ਤਰਨਜੀਤ ਸਿੰਘ ਸੰਧੂ ਸਮੁੰਦਰੀ

## ਸੰਧੂ, ਸ਼ਵੇਤ ਮਲਿਕ ਅਤੇ ਕੁੱਕੂ ਨੇ ਕੱਪੜਾ ਉਦਯੋਗ ਨਾਲ ਜੁੜੇ ਉਦਯੋਗਪਤੀਆਂ ਦੇ ਇੱਕ ਅਹਿਮ ਇਕੱਠ ਨੂੰ ਸੰਬੋਧਨ ਕੀਤਾ


**ਅੰਮ੍ਰਿਤਸਰ, 12 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ ਵਿੱਚ ਭਾਰਤ ਦੇ ਰਾਜਦੂਤ ਰਹੇ ਸ. ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਅੰਮ੍ਰਿਤਸਰ ਦੀ ਟੈਕਸਟਾਈਲ ਇੰਡਸਟਰੀ ਨੂੰ ਮੁੜ ਪੈਰਾਂ 'ਤੇ ਖੜ੍ਹਾ ਕੀਤਾ ਜਾਵੇਗਾ। ਸ. ਸੰਧੂ ਟੈਕਸਟਾਈਲ ਪ੍ਰੋਸੈੱਸਰ ਐਸੋਸੀਏਸ਼ਨ ਦੇ ਪ੍ਰਧਾਨ ਕਿਸ਼ਨ ਕੁਮਾਰ ਕੁੱਕੂ ਅਤੇ ਸਾਥੀਆਂ ਵੱਲੋਂ ਆਯੋਜਿਤ ਟੈਕਸਟਾਈਲ ਇੰਡਸਟਰੀ ਨਾਲ ਸੰਬੰਧਿਤ ਸਨਅਤਕਾਰਾਂ ਦੀ ਇਕ ਅਹਿਮ ਸਭਾ ਨੂੰ ਸੰਬੋਧਨ ਕਰ ਰਹੇ ਸਨ, ਨੇ ਕਿਹਾ ਕਿ ਸ਼ਹਿਰ ਦਾ ਵਿਕਾਸ ਹੀ ਮੇਰਾ ਏਜੰਡਾ ਹੈ। ਅੰਮ੍ਰਿਤਸਰ ਦੇ ਗੰਦੇ ਨਾਲੇ ਨੂੰ ਲੈ ਕੇ ਉਠਾਏ ਗਏ ਸਵਾਲ 'ਤੇ ਸ. ਸੰਧੂ ਨੇ ਇਥੇ ਵਾਟਰ ਟਰੀਟਮੈਂਟ ਪ੍ਰਾਜੈਕਟ ਲਾਉਣ ਦੀ ਵਕਾਲਤ ਕੀਤੀ ਅਤੇ ਕਿਹਾ ਕਿ ਇੰਦੌਰ ਛੇ ਸਾਲਾਂ ਵਿਚ ਕਿਥੋਂ ਦਾ ਕਿਥੇ ਪਹੁੰਚ ਗਿਆ। ਉਨ੍ਹਾਂ ਕਿਹਾ ਕਿ ਪਿਛਲੇ 7 ਸਾਲਾਂ ਤੋਂ ਅੰਮ੍ਰਿਤਸਰ ਤੋਂ ਸੰਸਦ ਮੈਂਬਰ ਰਹੇ ਗੁਰਜੀਤ ਸਿੰਘ ਔਜਲਾ ਨੇ ਅੰਮ੍ਰਿਤਸਰ ਨੂੰ ਇਹ ਦਰਜਾ ਦਿਵਾਉਣ ਦੀ ਕਦੀ ਕੋਸ਼ਿਸ਼ ਨਹੀਂ ਕੀਤੀ। ਉਨ੍ਹਾਂ ਵਾਅਦਾ ਕੀਤਾ ਕਿ ਜਦੋਂ 2027 ਵਿੱਚ ਅੰਮ੍ਰਿਤਸਰ ਦੇ 450 ਸਾਲ ਪੂਰੇ ਹੋਣਗੇ ਤਾਂ ਉਹ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਤੋਂ ਵਿਸ਼ੇਸ਼ ਪੈਕੇਜ ਲੈ ਕੇ ਇੰਦੌਰ ਨੂੰ ਮੁਕਾਬਲਾ ਦੇਵਾਂਗੇ। 2027 ਵਿੱਚ ਆਈ ਪੀ ਐੱਲ ਮੈਚ ਗਾਂਧੀ ਮੈਦਾਨ ਵਿੱਚ ਕਰਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ 'ਚ ਗੁਰੂ ਸਾਹਿਬਾਨ ਨੇ ਵਪਾਰ ਅਤੇ ਲਘੂ ਉਦਯੋਗ ਨੂੰ ਸਥਾਪਿਤ ਕੀਤਾ ਸੀ। ਅਜ਼ਾਦੀ ਤੋਂ ਪਹਿਲਾਂ ਕੱਪੜਾ ਉਦਯੋਗ 'ਚ ਅੰਮ੍ਰਿਤਸਰ ਪਹਿਲੇ ਸਥਾਨ 'ਤੇ ਸੀ ਜੋ ਹੁਣ ਘਟ ਕੇ 25 ਫ਼ੀਸਦੀ ਰਹਿ ਗਿਆ ਹੈ। ਸਾਨੂੰ ਇਕੱਠੇ ਹੋ ਕੇ ਅੱਗੇ ਆਉਣਾ ਹੋਵੇਗਾ ਅਤੇ ਇਸ ਨੂੰ ਠੋਸ ਨੀਤੀਆਂ ਰਾਹੀਂ ਮੁੜ ਸਥਾਪਿਤ ਕੀਤਾ ਜਾ ਸਕਦਾ ਹੈ। ਇਸ ਕਾਰਜ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਪੂਰਾ ਸਹਿਯੋਗ ਲਿਆ ਜਾਵੇਗਾ। ਸ. ਸੰਧੂ ਨੇ ਕਿਹਾ ਕਿ ਖੇਤੀ ਤੋਂ ਬਾਅਦ ਟੈਕਸਟਾਈਲ ਉਦਯੋਗ ਹੀ ਇਕ ਅਜਿਹਾ ਖੇਤਰ ਹੈ ਜੋ ਨੌਜਵਾਨਾਂ ਨੂੰ ਵੱਧ ਰੁਜ਼ਗਾਰ ਦੇ ਸਕਦੀ ਹੈ। ਅੰਮ੍ਰਿਤਸਰ ਦੀ ਆਬਾਦੀ ਦਾ 45 % ਨੌਜਵਾਨ ਹਨ। ਇਸ ਊਰਜਾ ਨੂੰ ਸਹੀ ਦਿਸ਼ਾ ਵਿਚ ਉਪਯੋਗ ਕੀਤਾ ਜਾਵੇ ਤਾਂ ਸਭ ਕੁਝ ਸੰਭਵ ਹੈ। ਉਨ੍ਹਾਂ ਨਵੀਨ ਤਕਨੀਕ ਵਾਲੀ ਵਿਸ਼ਵ ਪੱਧਰੀ ਸਿੱਖਿਆ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਚੰਗੀ ਆਮਦਨੀ ਦੇ ਮੌਕੇ ਮਿਲਣ ਤਾਂ ਉਹ ਬਾਹਰ ਕਿਉਂ ਜਾਣਗੇ? ਉਨ੍ਹਾਂ ਆਪਣੇ ਅਨੁਭਵ ਸਾਂਝੇ ਕਰਦਿਆਂ ਕਿਹਾ ਕਿ ਜਦੋਂ ਉਨ੍ਹਾਂ ਨੂੰ ਰਾਜਦੂਤ ਬਣਾ ਕੇ ਅਮਰੀਕਾ 'ਚ ਭੇਜਿਆ ਗਿਆ ਤਾਂ ਕਈ ਲੋਕ ਕਹਿੰਦੇ ਸਨ ਕਿ 'ਕਈ ਆਏ ਕਈ ਗਏ', ਪਰ ਪ੍ਰਵਾਸੀ ਪੰਜਾਬੀਆਂ ਦੇ ਸਹਿਯੋਗ ਨਾਲ ਉੱਥੇ ਸਾਰਥਿਕ ਕੰਮ ਕੀਤੇ ਜਾ





ਸਕੇ ਅਤੇ ਭਾਰਤ ਅਮਰੀਕਾ ਸੰਬੰਧ ਭਾਈਵਾਲੀ 'ਚ ਤਬਦੀਲ ਹੋਇਆ। ਅੱਜ ਦੋਹਾਂ ਦੇਸ਼ਾਂ ਵਿਚ ਵਪਾਰ, ਉਦਯੋਗ, ਸਾਇੰਸ ਐਂਡ ਟੈਕਨਾਲੋਜੀ ਅਤੇ ਫ਼ੌਜੀ ਸਨਅਤ 'ਚ ਵੀ ਭਾਈਵਾਲੀ ਹੈ। ਅਮਰੀਕੀ ਕੰਪਨੀਆਂ ਭਾਰਤ 'ਚ ਨਿਵੇਸ਼ ਕਰ ਰਹੀਆਂ ਹਨ, ਪਰ ਨਿਵੇਸ਼ ਅੰਮ੍ਰਿਤਸਰ ਵੀ ਕਰਾਇਆ ਜਾਵੇਗਾ। ਇਸ ਤੋਂ ਇਲਾਵਾ ਬਹੁ ਕੌਮੀ ਵਿਦੇਸ਼ੀ ਕੰਪਨੀਆਂ ਅੰਮ੍ਰਿਤਸਰ ਵਿੱਚ ਆਪਣੇ ਪ੍ਰੋਜੈਕਟ ਲਗਾਉਣ ਲਈ ਤਿਆਰ ਬੈਠੀਆਂ ਹਨ, ਜਿਸ ਦਾ ਇਲਾਕਾ ਨਿਵਾਸੀਆਂ ਨੂੰ ਜਲਦ ਹੀ ਫ਼ਾਇਦਾ ਦਵਾ ਕੇ ਗੁਰੂ ਨਗਰੀ ਨੂੰ ਹਰ ਪੱਖ ਤੋਂ ਵਧੀਆ ਤਰੀਕੇ ਨਾਲ ਵਿਕਸਤ ਅਤੇ ਖ਼ੁਸ਼ਹਾਲ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿਚ ਅਮਰੀਕਨ ਕੌਂਸਲੇਟ ਖੁਲ੍ਹਵਾਇਆ ਜਾਵੇਗਾ ਤਾਂ ਜੋ ਅੰਮ੍ਰਿਤਸਰ ਦਾ ਅਮਰੀਕਾ ਨਾਲ ਸਿੱਧਾ ਸੰਬੰਧ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਅੰਮ੍ਰਿਤਸਰ ਦੇ ਕਾਰਗੋ ਦੀ 80 ਫ਼ੀਸਦੀ ਸਮਰੱਥਾ ਦਾ ਲਾਭ ਲਿਆ ਜਾਣਾ ਚਾਹੀਦਾ ਹੈ। ਇੱਥੋਂ ਫਲ਼ ਅਤੇ ਸਬਜ਼ੀਆਂ ਖਾੜੀ ਅਤੇ ਹੋਰ ਦੇਸ਼ਾਂ ਵਿਚ ਸਪਲਾਈ ਕਰਦਿਆਂ ਕਿਸਾਨਾਂ ਅਤੇ ਵਪਾਰੀਆਂ ਦੀ ਆਮਦਨੀ ਵਧਾਈ ਜਾ ਸਕਦੀ ਹੈ। ਉਨ੍ਹਾਂ ਕਿਹਾ ਇੱਥੋਂ ਦੀਆਂ ਸਭਿਆਚਾਰਕ ਵਸਤਾਂ ਨਾਲ ਪ੍ਰਵਾਸੀਆਂ ਦੀਆਂ ਭਾਵਨਾਵਾਂ ਜੁੜੀਆਂ ਹੋਈਆਂ ਹੋਣ ਕਾਰਨ ਇੱਥੋਂ ਦੀ ਫੁਲਕਾਰੀ, ਪੰਜਾਬੀ ਜੁੱਤੀਆਂ, ਗਹਿਣਿਆਂ ਦੀ ਪ੍ਰਵਾਸੀ ਪੰਜਾਬੀਆਂ 'ਚ ਬਹੁਤ ਮੰਗ ਹੈ। ਸਥਾਨਕ ਕਾਰੋਬਾਰਾਂ ਨੂੰ ਪ੍ਰਮੁੱਖ ਗਲੋਬਲ ਉਦਯੋਗਿਕ ਬ੍ਰਾਂਡਾਂ ਨਾਲ ਸਾਂਝੇਦਾਰੀ ਕਰਨ ਦਾ ਮੌਕਾ ਪ੍ਰਦਾਨ ਕਰਕੇ ਅੰਮ੍ਰਿਤਸਰ ਦੇ ਆਰਥਿਕ ਵਿਕਾਸ ਲਈ ਕੰਮ ਕੀਤਾ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿਚ ਟੂਰਿਜ਼ਮ ਲਈ ਵਧੇਰੇ ਅਵਸਰ ਹਨ। ਨੌਜਵਾਨ ਸਟਾਰਟਅੱਪ ਸ਼ੁਰੂ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਪ੍ਰਾਈਵੇਟ ਸੈਕਟਰ ਨੂੰ ਅੰਮ੍ਰਿਤਸਰ ਲਿਆਉਣਾ ਹੋਵੇਗਾ। ਅੰਮ੍ਰਿਤਸਰ ਲਈ ਏਅਰ ਕੁਨੈਕਟੀਵਿਟੀ 'ਚ ਵਾਧੇ ਲਈ ਪਹਿਲ ਕੀਤੀ ਜਾਵੇਗੀ। ਯੂ ਐਸ ਤੋਂ ਅਤੇ ਏਅਰ ਕੈਨੇਡਾ ਅੰਮ੍ਰਿਤਸਰ ਉੱਤਰਨ ਲਈ ਤਿਆਰ ਹਨ। ਅੰਮ੍ਰਿਤਸਰ ਵਿੱਚ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿੱਚ ਅਮਨ-ਕਾਨੂੰਨ ਦੀ ਸਥਿਤੀ ਵਿੱਚ ਸੁਧਾਰ ਕੀਤਾ ਜਾਵੇਗਾ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਜਵਾਬਦੇਹ ਹੋਣਾ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਨਸ਼ਿਆਂ ਦੀ ਮਾਰ ਝੱਲ ਰਿਹਾ ਹੈ। ਪੰਜਾਬ ਵਿੱਚ ਨਸ਼ਾ ਆਪਣੇ ਸਿਖਰ 'ਤੇ ਹੈ। ਇਸ ਨੂੰ ਖ਼ਤਮ ਕਰਨ ਲਈ ਸਖ਼ਤ ਕਦਮ ਚੁੱਕੇ ਜਾਣਗੇ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿਚ ਟੂਰਿਜ਼ਮ ਲਈ ਵਧੇਰੇ ਅਵਸਰ ਹਨ। ਨੌਜਵਾਨ ਸਟਾਰਟਅੱਪ ਸ਼ੁਰੂ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਣਾ ਮੰਦਿਰ, ਭਗਵਾਨ ਸ੍ਰੀ ਵਾਲਮੀਕਿ ਜੀ ਤੀਰਥ ਅਤੇ ਅੰਮ੍ਰਿਤਸਰ ਵਿਖੇ ਹੋਰ ਧਾਰਮਿਕ ਸਥਾਨਾਂ ਨੂੰ ਪ੍ਰਫੁੱਲਿਤ ਕਰਕੇ ਅੰਮ੍ਰਿਤਸਰ ਨੂੰ ਵਿਸ਼ਵ ਦਾ ਨੰਬਰ ਇਕ ਸੈਲਾਨੀ ਹੱਬ ਬਣਾਇਆ ਜਾਵੇਗਾ। ਜੇਕਰ ਸ਼ਹਿਰ ਵਿੱਚ ਸੈਲਾਨੀਆਂ ਦੀ ਗਿਣਤੀ ਦੁੱਗਣੀ ਹੋ ਜਾਂਦੀ ਹੈ ਤਾਂ ਇਸ ਦਾ ਸਿੱਧਾ ਫ਼ਾਇਦਾ ਸ਼ਹਿਰ ਵਾਸੀਆਂ ਨੂੰ ਹੋਵੇਗਾ ਅਤੇ ਅਸੀਂ ਆਪਣੇ ਬੱਚਿਆਂ ਨੂੰ ਆਪਣੇ ਕਾਰੋਬਾਰਾਂ ਵਿੱਚ ਲਗਾ ਕੇ ਉਨ੍ਹਾਂ ਨੂੰ ਬਰਕਰਾਰ ਰੱਖ ਸਕਾਂਗੇ। ਇਸ ਮੌਕੇ ਸਾਬਕਾ ਰਾਜ ਸਭਾ ਮੈਂਬਰ ਸ਼ਵੇਤ ਮਲਿਕ ਨੇ ਅੰਮ੍ਰਿਤਸਰ ਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਹੀਰੇ ਦੀ ਪਰਖ ਜੌਹਰੀ ਕਰਦਾ ਹੈ। ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਨੇ ਹੀਰੇ ਦੀ ਪਰਖ ਕੀਤੀ ਅਤੇ ਉਸ ਨੂੰ ਅੰਮ੍ਰਿਤਸਰ ਭੇਜਿਆ ਹੈ। ਇਹ ਹੀਰਾ ਆਪਣੀ ਚਮਕ ਦੇ ਨਾਲ ਅੰਮ੍ਰਿਤਸਰ ਨੂੰ ਚਾਰ ਚੰਨ ਲਗਾਉਂਦੇ ਹੋਏ ਵਿਸ਼ਵ ਦੇ ਵਿੱਚ ਅੰਮ੍ਰਿਤਸਰ ਦਾ ਸਿਰ ਮਾਣ ਨਾਲ ਉੱਚਾ ਚੁੱਕ ਚੁੱਕਿਆ ਹੈ। ਸ਼ਹਿਰੀ ਪ੍ਰਧਾਨ ਹਰਵਿੰਦਰ ਸਿੰਘ ਸੰਧੂ ਨੇ ਕਿਹਾ ਕਿ ਉਨ੍ਹਾਂ ਦੇ ਕੋਲ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੂੰ ਜਿਤਾ ਕੇ ਅੰਮ੍ਰਿਤਸਰ ਦੇ ਵਿਕਾਸ 'ਚ ਯੋਗਦਾਨ ਪਾਉਣ ਦਾ ਅੱਜ ਸੁਨਹਿਰੀ ਮੌਕਾ ਹੈ। ਉਹ ਇਸ ਮੌਕੇ ਨੂੰ ਨਾ ਗਵਾਉਣ। ਉਨ੍ਹਾਂ ਕਿਹਾ ਕਿ ਸ. ਸੰਧੂ ਦੇ ਹੱਕ ਵਿੱਚ ਵੋਟਿੰਗ ਕਰਕੇ ਜਿੱਤ ਦਾ ਫ਼ਤਵਾ ਜਾਰੀ ਕਰਨ। ਇਸ ਮੌਕੇ ਟੈਕਸਟਾਈਲ ਪ੍ਰੋਸੈੱਸਰ ਐਸੋਸੀਏਸ਼ਨ ਦੇ ਪ੍ਰਧਾਨ ਕਿਸ਼ਨ ਕੁਮਾਰ ਕੁੱਕੂ ਨੇ ਸਨਅਤਕਾਰਾਂ ਨੂੰ ਕਿਹਾ ਕਿ ਅੰਮ੍ਰਿਤਸਰ ਲਈ ਤਰਨਜੀਤ ਸਿੰਘ ਸੰਧੂ ਤੋਂ ਵੱਡਾ ਵਕੀਲ ਨਹੀਂ ਮਿਲ ਸਕਦਾ। ਉਨ੍ਹਾਂ ਕਿਹਾ ਕਿ ਸ. ਸੰਧੂ ਦੀ ਗੁਰੂ ਨਗਰੀ ਦੀ ਖ਼ੁਸ਼ਹਾਲੀ ਅਤੇ ਵਿਕਾਸ ਮਾਡਲ ਅਤੇ ਵਿਜ਼ਨ 'ਚ ਉਮੀਦ ਦੀ ਕਿਰਨ ਨਜ਼ਰ ਆ ਰਹੀ ਹੈ। ਉਨ੍ਹਾਂ ਤਰਨਜੀਤ ਸਿੰਘ ਸੰਧੂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਤੁਹਾਡੇ ਆਉਣ ਨਾਲ ਸ਼ਹਿਰ ਨੂੰ ਇਕ ਉਮੀਦ ਜਾਗੀ ਹੈ। ਅੱਜ ਤਕ ਸਾਨੂੰ ਸਹੀ ਆਗੂ ਨਹੀਂ ਮਿਲਿਆ ਸੀ, ਪਰ ਹੁਣ ਵਿਜ਼ਨ ਵਾਲਾ ਬੰਦਾ ਸ਼ਹਿਰ ਦੀ ਸੇਵਾ ਲਈ ਮੈਦਾਨ ਵਿਚ ਆਇਆ ਹੈ ਤਾਂ ਸ਼ਹਿਰ ਦੀ ਨੁਹਾਰ ਬਦਲਣ ਅਤੇ ਇਸ ਨੂੰ ਆਪਣਾ ਪਹਿਲੇ ਵਾਲਾ ਮੁਕਾਮ ਮੁੜ ਦਿਵਾਉਣ ਲਈ ਅਸੀਂ ਤੁਹਾਡੇ ਨਾਲ ਮਿਲ ਕੇ ਸੇਵਾ ਕਰਨ ਲਈ ਤਿਆਰ ਹਾਂ। ਇਸ ਮੌਕੇ ਭਾਜਪਾ ਹਲਕਾ ਉੱਤਰੀ ਦੇ ਇੰਚਾਰਜ ਸੁਖਮਿੰਦਰ ਸਿੰਘ ਪਿੰਟੂ, ਗੌਰਵ ਅਰੋੜਾ, ਡਾ. ਜੇ ਪੀ ਸਿੰਘ , ਸੰਦੀਪ ਖੋਸਲਾ ਪ੍ਰਧਾਨ ਫੋਕਲ ਪੁਆਇੰਟ, ਅੰਮਬਰੀਸ਼ ਮਹਾਜਨ, ਕਮਲ ਦਾਲਮੀਆ, ਸੰਜੀਵ ਕੰਧਾਰੀ, ਨਰੇਸ਼ ਅਗਰਵਾਲ, ਰਾਜੇਸ਼ ਕਪੂਰ, ਨਰਿੰਦਰ ਸਿੰਘ, ਅਮਿਤ ਮਹਾਜਨ, ਮੈਡਮ ਪ੍ਰੀਅੰਕਾ, ਰਾਜੀਵ , ਰਾਜੇਸ਼ ਮਹਿਰਾ ਤੇ ਮਾਸਟਰ ਰਾਕੇਸ਼ ਵੀ ਮੌਜੂਦ ਸਨ।

ਆਵਾਜ਼ਿ ਕੌਮ AWAZE QAUM
International Newspaper & WEB TV

ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ

ਰੰਧਾਵਾ ਪਗੜੀ ਸੈਂਟਰ

ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446

ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote

ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਵਿਖੇ

# ਪਵਿੱਤਰ ਸੰਗਰਾਂਦ ਦਾ ਦਿਹਾੜਾ ਮਨਾਇਆ

## ਅੱਜ ਖਾਲਸਾ ਸਾਜਨਾ ਦਿਵਸ ਵਿਸਾਖੀ ਤੇ ਗੁਰਮਤਿ ਸਮਾਗਮ ਹੋਇਆ ਅਤੇ 130 ਪ੍ਰਾਣੀਆਂ ਨੇ ਅੰਮ੍ਰਿਤ ਦੀ ਦਾਤ ਪ੍ਰਾਪਤ ਕੀਤੀ













ਆਵਾਜ਼ਿ ਕੌਮ AWAZE QAUM International Newspaper & WEB TV









ਅੱਜ ਖਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ ਅਤੇ ਹਰ ਮਹੀਨੇ ਦੀ ਤਰ੍ਹਾਂ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ ਜਨਮ ਅਸਥਾਨ ਵਿਖੇ ਸੰਗਰਾਂਦ ਦਾ ਪਵਿੱਤਰ ਦਿਹਾੜਾ ਮਨਾਇਆ ਗਿਆ। ਅੰਮ੍ਰਿਤ ਵੇਲੇ ਸ੍ਰੀ ਆਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ, ਉਪਰੰਤ ਕੀਰਤਨ ਦੀਵਾਨ ਸਜਾਏ ਗਏ ਅਤੇ ਸਾਬਕਾ ਜਥੇਦਾਰ ਭਾਈ ਜਸਵੀਰ ਸਿੰਘ ਜੀ ਨੇ ਸੰਗਤਾਂ ਨੂੰ ਕਥਾ ਵਿਚਾਰਾਂ ਨਾਲ ਗੁਰੂ ਨਾਲ ਜੋੜਿਆ। ਸਮਾਪਤੀ ਉਪਰੰਤ ਸੇਵਾਦਾਰ ਵੀਰਾਂ ਨੂੰ ਸਨਮਾਨਿਤ ਕੀਤਾ ਗਿਆ। ਅਤੇ ਗੁਰੂ ਦੇ ਲੰਗਰ ਅਤੁੱਟ ਵਰਤੇ । ਇਸ ਤਰ੍ਹਾਂ ਹਰ ਮਹੀਨੇ ਦੀ ਤਰ੍ਹਾਂ ਅਤੇ ਅੱਜ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ 130 ਪ੍ਰਾਣੀਆਂ ਨੇ ਪੰਜ ਪਿਆਰੇ ਸਾਹਿਬਾਨਾਂ ਦੀ ਅਗਵਾਈ ਹੇਠ ਅੰਮ੍ਰਿਤ ਪਾਨ ਕੀਤਾ, ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲੜ ਲੱਗੇ। ਇਸ ਸਮਾਗਮ ਵਿੱਚ ਗਿਆਨੀ ਬਲਵਿੰਦਰ ਸਿੰਘ ਜੀ ਹੈੱਡ ਗ੍ਰੰਥੀ, ਅਤੇ ਜੱਥੇਦਾਰ ਬਾਬਾ ਬੂਟਾ ਸਿੰਘ ਜੀ ਨੇ ਅਹਿਮ ਸੇਵਾਵਾਂ ਨੇਭਾਇਆ।



ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮੇਲਾ ਵੈਸਾਖੀ



## ਖਾਲਸਾ ਸਾਜਨਾ ਦਿਵਸ

ਨਕਲੀ ਨਿਰੰਕਾਰੀ ਕਾਂਡ 13 ਸਿੰਘਾਂ ਦਾ ਸ਼ਹੀਦੀ ਦਿਹਾੜਾ
ਗੁਰਤਾਗੱਦੀ ਧੰਨ ਸ਼੍ਰੀ ਗੁਰੂ ਅਮਰਦਾਸ ਸਾਹਿਬ ਜੀ
ਜੋਤੀ ਜੋਤ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ
ਜੋਤੀ ਜੋਤ ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ
ਜੋੜ ਮੇਲਾ ਗੁਰੂ ਕੀ ਕਾਸ਼ੀ ਦਮਦਮਾ ਸਾਹਿਬ ਜੀ
ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।

12 ਅਪ੍ਰੈਲ ਸ਼ੁੱਕਰਵਾਰ ਸਵੇਰੇ 10:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ 14 ਅਪ੍ਰੈਲ ਐਤਵਾਰ 10:00 ਵਜੇ ਭੋਗ ਪੈਣਗੇ। ਇਸ ਪਾਠ ਦੀ ਸੇਵਾ ਗੁਰ ਸਿੱਖ ਪਰਿਵਾਰ ਭਾਈ ਅਮਰਜੀਤ ਸਿੰਘ ਅਤੇ ਭਾਈ ਪ੍ਰਭਜੀਤ ਸਿੰਘ ਦਿਓਲ ਪਰਿਵਾਰ ਆਜਾਨੇਲੋ ਵੱਲੋਂ ਸੇਵਾ ਲਈ ਗਈ ਹੈ।

☛ ਸ਼ੁੱਕਰਵਾਰ ਅਤੇ ਸ਼ਨੀਵਾਰ 13 ਅਪ੍ਰੈਲ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸੱਜਣਗੇ । ☛ ਐਤਵਾਰ 14 ਅਪ੍ਰੈਲ 6:30 ਵਜ਼ੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਅਰੰਭਤਾ ਹੋਵੇਗੀ 9: 30 ਵਜ਼ੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਗਿਆਨੀ ਸਕੱਤਰ ਸਿੰਘ ਕਥਾ ਰਾਹੀਂ ਰਾਗੀ ਜਥਾ ਗੁਰਬਾਣੀ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

### ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾਂ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778




ਮਾਰਚ-24 **ਚੇਤ** ਅਪ੍ਰੈਲ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

ਅਪ੍ਰੈਲ-24 **ਵੈਸਾਖ** ਮਈ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੦ | ੩੧ | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

ਮਈ-24 **ਜੇਠ** ਜੂਨ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

ਜੂਨ-24 **ਹਾੜ** ਜੁਲਾਈ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | 32 | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

ਜੁਲਾਈ-24 **ਸਾਵਣ** ਅਗਸਤ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | ੩੦ | ੩੧ | | |

ਅਗਸਤ-24 **ਭਾਦੋਂ** ਸਤੰਬਰ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੩੧ | | | | | ੧ | ੨ |
| ੩ | ੪ | ੫ | ੬ | ੭ | ੮ | ੯ |
| ੧੦ | ੧੧ | ੧੨ | ੧੩ | ੧੪ | ੧੫ | ੧੬ |
| ੧੭ | ੧੮ | ੧੯ | ੨੦ | ੨੧ | ੨੨ | ੨੩ |
| ੨੪ | ੨੫ | ੨੬ | ੨੭ | ੨੮ | ੨੯ | ੩੦ |

ਸਤੰਬਰ-24 **ਅੱਸੂ** ਅਕਤੂਬਰ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | ੧ | ੨ | ੩ | ੪ | ੫ | ੬ |
| ੭ | ੮ | ੯ | ੧੦ | ੧੧ | ੧੨ | ੧੩ |
| ੧੪ | ੧੫ | ੧੬ | ੧੭ | ੧੮ | ੧੯ | ੨੦ |
| ੨੧ | ੨੨ | ੨੩ | ੨੪ | ੨੫ | ੨੬ | ੨੭ |
| ੨੮ | ੨੯ | ੩੦ | ੩੧ | | | |

ਅਕਤੂਬਰ-24 **ਕੱਤਕ** ਨਵੰਬਰ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | ੧ | ੨ | ੩ |
| ੪ | ੫ | ੬ | ੭ | ੮ | ੯ | ੧੦ |
| ੧੧ | ੧੨ | ੧੩ | ੧੪ | ੧੫ | ੧੬ | ੧੭ |
| ੧੮ | ੧੯ | ੨੦ | ੨੧ | ੨੨ | ੨੩ | ੨੪ |
| ੨੫ | ੨੬ | ੨੭ | ੨੮ | ੨੯ | ੩੦ | |

ਨਵੰਬਰ-24 **ਮੱਘਰ** ਦਸੰਬਰ-24

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | | | | ੧ |
| ੨ | ੩ | ੪ | ੫ | ੬ | ੭ | ੮ |
| ੯ | ੧੦ | ੧੧ | ੧੨ | ੧੩ | ੧੪ | ੧੫ |
| ੧੬ | ੧੭ | ੧੮ | ੧੯ | ੨੦ | ੨੧ | ੨੨ |
| ੨੩ | ੨੪ | ੨੫ | ੨੬ | ੨੭ | ੨੮ | ੨੯ |

ਦਸੰਬਰ-24 **ਪੋਹ** ਜਨਵਰੀ-25

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| ੧ | ੨ | ੩ | ੪ | ੫ | ੬ | ੭ |
| ੮ | ੯ | ੧੦ | ੧੧ | ੧੨ | ੧੩ | ੧੪ |
| ੧੫ | ੧੬ | ੧੭ | ੧੮ | ੧੯ | ੨੦ | ੨੧ |
| ੨੨ | ੨੩ | ੨੪ | ੨੫ | ੨੬ | ੨੭ | ੨੮ |
| ੨੯ | ੩੦ | | | | | |

ਜਨਵਰੀ-25 **ਮਾਘ** ਫਰਵਰੀ-25

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | ੧ | ੨ | ੩ | ੪ | ੫ |
| ੬ | ੭ | ੮ | ੯ | ੧੦ | ੧੧ | ੧੨ |
| ੧੩ | ੧੪ | ੧੫ | ੧੬ | ੧੭ | ੧੮ | ੧੯ |
| ੨੦ | ੨੧ | ੨੨ | ੨੩ | ੨੪ | ੨੫ | ੨੬ |
| ੨੭ | ੨੮ | ੨੯ | | | | |

ਫਰਵਰੀ-25 **ਫੱਗਣ** ਮਾਰਚ-25

| ਐਤ | ਸੋਮ | ਮੰਗਲ | ਬੁੱਧ | ਵੀਰ | ਸ਼ੁੱਕਰ | ਸ਼ਨਿੱਚਰ |
|---|---|---|---|---|---|---|
| | | | ੧ | ੨ | ੩ | ੪ |
| ੫ | ੬ | ੭ | ੮ | ੯ | ੧੦ | ੧੧ |
| ੧੨ | ੧੩ | ੧੪ | ੧੫ | ੧੬ | ੧੭ | ੧੮ |
| ੧੯ | ੨੦ | ੨੧ | ੨੨ | ੨੩ | ੨੪ | ੨੫ |
| ੨੬ | ੨੭ | ੨੮ | ੨੯ | ੩੦ | | |

ਸੰਗਰਾਂਦ | ਮੱਸਿਆ | ਪੂਰਨਮਾਸ਼ੀ | ਗੁਰਪੁਰਬ | ਇਤਿਹਾਸਕ ਦਿਹਾੜੇ | ਸਰਕਾਰੀ ਛੁੱਟੀਆਂ | ਭਗਤ ਸਾਹਿਬਾਨ ਦੇ ਦਿਹਾੜੇ

## ਪ੍ਰਕਾਸ਼ਕ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ.ਕੇ.

ਸੰਪਰਕ : +44 78139 53484, +44 75392 43163, +44 7976210161, +91 94788 97960 E-Mail : nsycuk1469@gmail.com, Web : www.nsycuk.com

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖ਼ਾਲਸਾ ਮੇਰੋ ਰੂਪ ਹੈ ਖ਼ਾਸ ॥
ਖ਼ਾਲਸੇ ਮਹਿ ਹੌ ਕਰੌ ਨਿਵਾਸ ॥

# ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ

## Guru Nanak Gurdwara Cultural & Recreational Centre



ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ

# ਧਾਰਮਿਕ ਸਮਾਗਮ

## 21 ਅਪ੍ਰੈਲ ਦਿਨ ਐਤਵਾਰ

### ★ ਪ੍ਰੋਗਰਾਮ ★

21 ਅਪ੍ਰੈਲ ਸਵੇਰੇ 11ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਹੋਣਗੇ।

ਉਪਰੰਤ ਭਾਈ ਇੰਦਰਜੀਤ ਸਿੰਘ ਬੰਬੇ ਵਾਲੇ ਜਥਾ ਸਾਬਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਢਾਡੀ ਜਥਾ ਭਾਈ ਰਸਾਲ ਸਿੰਘ ਜੀ ਵੱਲੋਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ਼ ਜੋੜ ਸਿੱਖ ਇਤਿਹਾਸ ਦੀਆਂ ਵਾਰਾਂ ਨਾਲ਼ ਅਤੇ ਰਸ ਭਿੰਨੇ ਕੀਰਤਨ ਨਾਲ਼ ਨਿਹਾਲ ਕੀਤਾ ਜਾਵੇਗਾ।

ਉੱਘੀਆਂ ਪੰਥਕ ਸ਼ਖਸ਼ੀਅਤਾਂ ਵੀ ਇਸ ਸਮਾਗਮ ਆਪਣੇ ਵਿਚਾਰਾਂ ਨਾਲ਼ ਹਾਜ਼ਰੀ ਭਰਨਗੀਆ।

### ★ ਪ੍ਰਬੰਧਕ ਕਮੇਟੀ ★



ਭਾਈ ਭਾਗ ਸਿੰਘ (ਪ੍ਰਧਾਨ), ਭਾਈ ਸਰਬਜੀਤ ਸਿੰਘ ਦਿਓਲ (ਮੀਤ ਪ੍ਰਧਾਨ), ਭਾਈ ਲਖਬੀਰ ਸਿੰਘ ਰਾਏ (ਜਨਰਲ ਸਕੱਤਰ), ਭਾਈ ਲਖਬੀਰ ਸਿੰਘ ਰੰਧਾਵਾ (ਮੀਤ ਸਕੱਤਰ), ਭਾਈ ਗੁਰਮੇਲ ਸਿੰਘ (ਸਟੇਜ ਸਕੱਤਰ), ਭਾਈ ਅਮਰੀਕ ਸਿੰਘ (ਖਜਾਨਚੀ), ਬੀਬੀ ਬਲਵਿੰਦਰ ਕੌਰ ਸੰਧਰ (ਜਥੇਦਾਰਨੀ), ਭਾਈ ਬਲਦੇਵ ਸਿੰਘ (ਹੈਲਥ ਮਨਿਸਟਰ), ਭਾਈ ਜਸਵੀਰ ਸਿੰਘ (ਮੀਤ ਖਜਾਨਚੀ), ਭਾਈ ਅਵਤਾਰ ਸਿੰਘ ਮੱਲ੍ਹੀ (ਬਿਲਡਿੰਗ ਮੈਨਟੀਨੈਂਸ), ਸਰਦਾਰ ਮਹਿੰਦਰ ਸਿੰਘ ਉੱਪਲ।

ਸਮੂਹ ਗੁਰਦੁਆਰਾ ਸਾਹਿਬਾਨ, ਪੰਥਕ ਜਥੇਬੰਦੀਆਂ ਦੇ ਆਗੂਆਂ ਅਤੇ ਇਲਾਕਾ ਨਿਵਾਸੀਆਂ ਨੂੰ ਬੇਨਤੀ ਕਰਦੇ ਹਾਂ ਕਿ ਸਮੇਂ ਸਿਰ ਪਹੁੰਚ ਕੇ ਗੁਰਬਾਣੀ, ਸਿੱਖ ਇਤਿਹਾਸ ਸਰਵਣ ਕਰਕੇ ਲਾਹਾ ਪ੍ਰਾਪਤ ਕਰੋ ਜੀ।

ਬੇਨਤੀ ਕਰਤਾ : ਪ੍ਰਬੰਧਕ ਕਮੇਟੀ ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ ਅਤੇ ਸਮੂਹ ਸਾਧ ਸੰਗਤ

2-20 Tunbridge Street, Preston, Lancashire PR1 5YP
Contact : 01772-798 395/07958 683 500

ਸਾਰੇ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਆਵਾਜ਼ਿ ਕੌਮ AWAZE QAUM WEB TV 'ਤੇ ਦੇਖਿਆ ਜਾ ਸਕਦਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ AWAZE QAUM
International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਗੁਰਦੁਆਰਾ ਸੰਤ ਖਾਲਸਾ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ




# ਸੰਤ ਭਿੰਡਰਾਂਵਾਲਿਆਂ ਦਾ ਜਨਮ ਦਿਹਾੜਾ ਪਿੰਡ ਰੋਡੇ ਵਿਖੇ ਉਨ੍ਹਾਂ ਦੇ ਜਨਮ ਅਸਥਾਨ 'ਤੇ

## 2 ਜੂਨ ਨੂੰ ਮਨਾਇਆ ਜਾਵੇਗਾ

ਇਸ ਸਬੰਧੀ ਅਤੇ ਹੋਰ ਪੰਥਕ ਵਿਚਾਰਾਂ ਕਰਨ ਲਈ ਇੰਟਰਨੈਸ਼ਨਲ ਪੰਥਕ ਦਲ ਦੇ ਸਮੂਹ ਅਹੁਦੇਦਾਰਾਂ ਦੀ ਵਿਸ਼ੇਸ਼ ਮੀਟਿੰਗ 20 **ਅਪ੍ਰੈਲ** ਦਿਨ ਸ਼ਨਿੱਚਰਵਾਰ ਨੂੰ ਗੁਰਦੁਆਰਾ ਸੰਤ ਖਾਲਸਾ ਰੋਡੇ ਵਿਖੇ 10 ਵਜੇ ਬੁਲਾਈ ਗਈ ਹੈ।



--✶ ਬੇਨਤੀ ਕਰਤਾ ✶--

**ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ**

ਦਮਦਮੀ ਟਕਸਾਲ ਭਿੰਡਰਾਂਵਾਲੇ

ਮੈਂਬਰ ਸ਼੍ਰੋਮਣੀ ਕਮੇਟੀ, ਸ੍ਰੀ ਅੰਮ੍ਰਿਤਸਰ ਅਤੇ

ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ



ਪ੍ਰਣਾਮ ਸ਼ਹੀਦਾਂ ਨੂੰ
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ
ਸੁਭ ਕਰਮਨ ਤੇ ਕਬਹੂੰ ਨ ਟਰੋਂ
ਸਿੱਖ ਕੌਮ ਦੀ ਚੜ੍ਹਦੀ ਕਲਾ ਅਤੇ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ
33ਵਾਂ ਸ਼ਹੀਦ ਭਾਈ ਸੁਭਾਸ਼ ਸਿੰਘ ਬੱਬਰ ਖਾਲਸਾ ਇੰਟਰਨੈਸ਼ਨਲ ਜੇਠੂਵਾਲ ਸ਼ਹੀਦੀ ਸਮਾਗਮ
ਬਾਬੇ ਸ਼ਹੀਦਾ ਦੇ ਪਵਿੱਤਰ ਸਥਾਨ ਜੇਠੂਵਾਲ ਵਿਖੇ-ਸ਼ਰਧਾ ਅਤੇ ਭਾਵਨਾ ਨਾਲ
21-4-24 ਦਿਨ ਐਤਵਾਰ ਨੂੰ ਮਨਾਇਆ ਜਾ ਰਿਹਾ ਹੈ।
ਅਮਰ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਗਿ. ਹਰਨਾਮ ਸਿੰਘ ਖਾਲਸਾ
ਮੁਖੀ ਦਮਦਮੀ ਟਕਸਾਲ ਜਥਾ ਭਿੰਡਰਾਂ ਮਹਿਤਾ
ਬੰਦੀ ਸਿੰਘ ਰਿਹਾ ਕਰੋ
ਬੰਦੀ ਸਿੰਘ ਰਿਹਾ ਕਰੋ
ਸ੍ਰੀ ਅਖੰਡ ਪਾਠ ਦੇ ਭੋਗ ਪਾਏ ਜਾਣਗੇ। ਢਾਡੀ ਰਾਗੀ ਗੁਰੂ ਜਸ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਸ਼ਹੀਦਾ ਦੇ ਪਰਿਵਾਰਾ ਨੂੰ ਸਨਮਾਨਿਤ ਕੀਤਾ ਜਾਵੇਗਾ। ਸ਼੍ਰੋਮਣੀ ਅਕਾਲੀ ਦਲ ਵੱਲੋਂ ਲਾਏ ਧਰਮ ਯੁਧ ਮੋਰਚੇ ਦੌਰਾਨ ਸ਼ਹੀਦ ਹੋਏ ਸਿੰਘਾਂ ਸਿੰਘਣੀਆ ਦੀ ਯਾਦ ਨੂੰ ਸਮਰਪਿਤ ਪੰਜਾਬ ਪੁਲਿਸ ਵੱਲੋਂ ਜਸਵੰਤ ਸਿੰਘ ਖਾਲੜਾ ਸਮੇਤ 28000 ਸਿੱਖ ਨੌਜਵਾਨਾ ਨੂੰ ਚੱਕ ਕੇ ਝੂਠੇ ਪੁਲਿਸ ਮੁਕਾਬਲਿਆ ਦੌਰਾਨ ਸ਼ਹੀਦ ਕੀਤੇ ਗਏ ਨੌਜਵਾਨਾ ਦੇ ਪਰਿਵਾਰਾ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਹਰ ਪਿੰਡ-ਪਿੰਡ ਵਿੱਚ ਸ਼ਹੀਦੀ ਸਮਾਗਮ ਕਰਵਾਏ ਜਾਣ।
ਸ਼੍ਰੋਮਣੀ ਅਕਾਲੀ ਦਲ ਵੱਲੋਂ ਲਾਏ ਧਰਮ ਯੁੱਧ ਮੋਰਚੇ ਦੌਰਾਨ ਪੰਜਾਬ ਪੁਲਿਸ ਵੱਲੋਂ ਘਰਾਂ ਤੋਂ ਚੁੱਕ ਕੇ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਮਾਰ ਮੁਕਾਏ ਨੌਜਵਾਨਾ ਦੇ ਪਰਿਵਾਰਾਂ ਨੂੰ ਬੇਨਤੀ ਹੈ ਕਿ ਪੁਲਿਸ ਵੱਲੋਂ ਚੁੱਕੇ ਨੌਜਵਾਨਾ ਦੇ ਘਰ ਆਉਣ ਦੀ ਆਸ ਨੂੰ ਛੱਡ ਕੇ ਪਿੰਡ-ਪਿੰਡ ਸ਼ਹੀਦੀ ਸਮਾਗਮ ਕਰਵਾਉਣ ਲਈ ਸਿੱਖ ਕੌਮ ਦਾ ਸਹਿਯੋਗ ਦਿਉ ਜੀ।
ਜਥੇਦਾਰ ਭਰਾਵਾਂ ਬਲਵਿੰਦਰ ਸਿੰਘ, ਨਿਰਮਲ ਸਿੰਘ ਜੇਠੂਵਾਲ (M) 99148-13471, 98157-25280, 62394-24387
ਲਾਵਾਰਸਾ ਦੇ ਵਾਰਸ
ਵੱਲੋਂ:- ਜੋਧਪੁਰ ਨਜ਼ਰਬੰਦ ਬ੍ਰਿਟੇਨ ਐਕਸ਼ਨ ਕਮੇਟੀ ਭਿੰਡਰਾਂਵਾਲੇ ਅਤੇ ਲੋਕਲ ਕਮੇਟੀ ਗ੍ਰਾਮ ਪੰਚਾਇਤ। ਜੇਠੂਵਾਲ, ਬਟਾਲਾ
ਮਾਨਯੋਗ ਸੁਪਰੀਮ ਕੋਰਟ ਨੂੰ ਅਪੀਲ ਹੈ ਕਿ ਸੂਹੋ ਮੋਟੋ ਐਕਸ਼ਨ ਲੈ ਕੇ ਤੁਰੰਤ ਭਾਈ ਖਾਲੜਾ ਸਮੇਤ ਭਾਈ ਸ਼ੁਭਾਸ਼ ਸਿੰਘ ਜੇਠੂਵਾਲ ਅਤੇ 28000 ਲਾਵਾਰਸਾਂ ਸਬੰਧੀ ਵਾਰਸਾਂ ਨੂੰ ਨਿਆ ਦਿੱਤਾ ਜਾਵੇ।
ਬੇਨਤੀ ਕਰਤਾ: ਨੇਤਾ ਜੀ ਸ਼ੁਭਾਸ ਸਿੰਘ ਸ਼ਹੀਦ ਬੱਬਰ ਖਾਲਸਾ ਟਰੱਸਟ ਜੇਠੂਵਾਲ ,ਜਥੇਦਾਰ ਭਰਾਵਾਂ ਬਲਵਿੰਦਰ ਸਿੰਘ ਜੇਠੂਵਾਲ ਨਿਰਮਲ ਸਿੰਘ ਜੇਠੂਵਾਲ




ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ
ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ
ਖਾਲਸਾ
ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)

# ਮੇਲਾ ਵੈਸਾਖੀ



## ਖਾਲਸਾ ਸਾਜਨਾ ਦਿਵਸ

ਨਕਲੀ ਨਿਰੰਕਾਰੀ ਕਾਂਡ 13 ਸਿੰਘਾਂ ਦਾ ਸ਼ਹੀਦੀ ਦਿਹਾੜਾ
ਗੁਰਤਾਗੱਦੀ ਧੰਨ ਸ਼੍ਰੀ ਗੁਰੂ ਅਮਰਦਾਸ ਸਾਹਿਬ ਜੀ
ਜੋਤੀ ਜੋਤ ਧੰਨ ਸ਼੍ਰੀ ਗੁਰੂ ਅੰਗਦ ਦੇਵ ਸਾਹਿਬ ਜੀ
ਜੋਤੀ ਜੋਤ ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ
ਜੋੜ ਮੇਲਾ ਗੁਰੂ ਕੀ ਕਾਸ਼ੀ ਦਮਦਮਾ ਸਾਹਿਬ ਜੀ
ਜਨਮ ਦਿਹਾੜਾ ਸਾਹਿਬਜ਼ਾਦਾ ਬਾਬਾ ਜੁਝਾਰ ਸਿੰਘ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ ।

12 ਅਪ੍ਰੈਲ ਸ਼ੁੱਕਰਵਾਰ ਸਵੇਰੇ 10:00 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੀ ਅਰੰਭਤਾ ਹੋਵੇਗੀ 14 ਅਪ੍ਰੈਲ ਐਤਵਾਰ 10:00 ਵਜੇ ਭੋਗ ਪੈਣਗੇ। ਇਸ ਪਾਠ ਦੀ ਸੇਵਾ ਗੁਰ ਸਿੱਖ ਪਰਿਵਾਰ ਭਾਈ ਅਮਰਜੀਤ ਸਿੰਘ ਅਤੇ ਭਾਈ ਪ੍ਰਭਜੀਤ ਸਿੰਘ ਦਿਓਲ ਪਰਿਵਾਰ ਆਜਾਨੇਲੋ ਵੱਲੋਂ ਸੇਵਾ ਲਈ ਗਈ ਹੈ।

☛ ਸ਼ੁੱਕਰਵਾਰ ਅਤੇ ਸ਼ਨੀਵਾਰ 13 ਅਪ੍ਰੈਲ ਸ਼ਾਮ 5 ਤੋਂ 8 ਵਜ਼ੇ ਤੱਕ ਦੀਵਾਨ ਸੱਜਣਗੇ । ☛ ਐਤਵਾਰ 14 ਅਪ੍ਰੈਲ 6:30 ਵਜ਼ੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਅਰੰਭਤਾ ਹੋਵੇਗੀ 9: 30 ਵਜ਼ੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸੱਜਣਗੇ।

ਕਥਾ ਵਾਚਕ ਗਿਆਨੀ ਸਕੱਤਰ ਸਿੰਘ ਕਥਾ ਰਾਹੀਂ ਰਾਗੀ ਜਥਾ ਗੁਰਬਾਣੀ ਕੀਰਤਨ ਰਾਹੀਂ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

### ★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ☛ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾਂ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸੰਗਤਾਂ ਦਾ ਜਥਾ

# ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬਿਹਾਰ ਵਿਖੇ ਦਰਸ਼ਨ ਦੀਦਾਰੇ ਕਰਨ ਲਈ ਪਹੁੰਚਿਆ












ਤਰਨਤਰਨ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ) ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ ਤਹਿਤ ਜਥੇਬੰਦੀ ਵੱਲੋਂ ਮੁੱਖ ਸਲਾਹਕਾਰ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲੇ ਸੰਗਤਾਂ ਨਾਲ ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬਿਹਾਰ ਵਿਖੇ ਅਤੇ ਬੇਅੰਤ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਦੀਦਾਰੇ ਕਰਨ ਲਈ ਪਹੁੰਚੇ।ਜਥੇਬੰਦੀ ਦੀ ਚੜਦੀ ਕਲਾ ਅਤੇ ਸਰਬੱਤ ਦੇ ਭਲੇ ਲਈ ਤਖਤ ਸ਼੍ਰੀ ਹਰਿਮੰਦਰ ਜੀ ਪਟਨਾ ਸਾਹਿਬ ਵਿਖੇ ਅਰਦਾਸ ਬੇਨਤੀ ਕੀਤੀ ਗਈ।ਹਜ਼ੂਰੀ ਕਥਾ ਵਾਚਕ ਗਿਆਨੀ ਸੁਖਦੇਵ ਸਿੰਘ ਜੀ, ਗਿਆਨੀ ਦਲਜੀਤ ਸਿੰਘ ਜੀ, ਗਿਆਨੀ ਗਗਨਦੀਪ ਸਿੰਘ ਜੀ ਵੱਲੋਂ ਸੰਗਤਾਂ ਨੂੰ ਜੀ ਆਇਆਂ ਕਿਹਾ ਨਾਲ ਹੀ ਸਿੱਖੀ ਦੀਆਂ ਕੁਝ ਵਿਚਾਰਾਂ ਸਾਂਝੀਆ ਕੀਤੀਆ। ਸਾਰਿਆਂ ਵੱਲੋਂ ਬਹੁਤ ਅਥਾਹ ਪ੍ਰੇਮ ਪਿਆਰ ਮਿਲਿਆ ।ਟਰੇਨ ਵਿਚ ਜਾਂਦਿਆ ਸਵੇਰੇ ਸ਼ਾਮ ਨਿਤਨੇਮ, ਸਤਿਨਾਮ ਵਾਹਿਗੁਰੂ ਦਾ ਜਾਪ, ਸ਼ਬਦ ਧਾਰਨਾ ਅਤੇ ਗੁਰਮੰਤਰ ਦੇ ਜਾਪ ਕੀਤੇ ਗਏ ਨਾਲ ਹੀ ਗੁਰਸਿੱਖੀ ਦਾ ਪ੍ਰਚਾਰ ਕੀਤਾ ਗਿਆ।ਤਖਤ ਸ੍ਰੀ ਪਟਨਾ ਸਾਹਿਬ ਜੀ ਦੇ ਸਿੰਘ ਸਾਹਿਬ ਜੀ ਵੱਲੋਂ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਦਾ ਸਨਮਾਨ ਕੀਤਾ ਗਿਆ ।ਇਸ ਮੌਕੇਂ ਮਾਸਟਰ ਸ੍ਰ ਸੁਰਜੀਤ ਸਿੰਘ ਪੱਟੀ , ਸ੍ਰ ਅਮਰੀਕ ਸਿੰਘ ਪੱਟੀ, ਸ੍ਰ ਗੁਰਵਿੰਦਰ ਸਿੰਘ ਪੱਟੀ, ਸ੍ਰ ਰਾਜਬੀਰ ਸਿੰਘ ਪੱਟੀ, ਬਾਬਾ ਜਰਨੈਲ ਸਿੰਘ ਵਾੜਾ ਸ਼ੇਰ ਸਿੰਘ, ਸ੍ਰ ਦੇਵ ਅੰਸ਼ ਸਿੰਘ ਸ੍ਰ ਅਕਸ਼ਦੀਪ ਸਿੰਘ ਪੱਟੀ, ਸ੍ਰ ਦਸ਼ਮ ਪ੍ਰੀਤ ਸਿੰਘ, ਬਾਬਾ ਬਲਰਾਜ ਸਿੰਘ, ਬੀਬੀ ਸਲਵਿੰਦਰ ਕੌਰ, ਬੀਬੀ ਗੁਰਮੀਤ ਕੌਰ, ਬੀਬੀ ਸੁਖਵਿੰਦਰ ਕੌਰ, ਬੀਬੀ ਗੁਰਪ੍ਰੀਤ ਕੌਰ, ਬੀਬੀ ਚਰਨ ਕਮਲ ਜੀਤ ਕੌਰ ਬੀਬੀ ਹਰਦੀਪ ਕੌਰ ਚੰਡੀਗੜ੍ਹ,ਬੇਟੀ ਹਰਸੀਰਤ ਕੌਰ, ਅਤੇ ਹੋਰ ਬੇਅੰਤ ਸੰਗਤਾਂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਖ਼ਾਲਸਾ ਪੰਥ ਦੀ ਸਿਰਜਣਾ ਤੇ ਪੰਜ ਕਰਾਰ



**ਸ਼੍ਰੀ ਗੁਰੂ ਅਮਰਦਾਸ** ਜੀ ਦੇ ਸਮੇਂ ਤੋਂ ਹੀ ਸਿੱਖ ਵਿਸਾਖੀ ਦੇ ਦਿਨ ਜੋੜ-ਮੇਲੇ ਕਰਦੇ ਸਨ। 30 ਮਾਰਚ 1699 ਈ: ਨੂੰ ਦਸਮ ਪਾਤਸ਼ਾਹ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਨੇ ਵਿਸਾਖੀ ਦੇ ਦਿਨ ਸ਼੍ਰੀ ਅਨੰਦਪੁਰ ਸਾਹਿਬ 'ਚ ਬਹੁਤ ਵੱਡਾ ਇਕੱਠ ਬੁਲਾਇਆ। ਇਤਿਹਾਸਕਾਰਾਂ ਅਨੁਸਾਰ ਇਸ ਇਕੱਠ ਵਿੱਚ ਤਕਰੀਬਨ 80 ਹਜ਼ਾਰ ਲੋਕ ਸਨ। ਅੰਮ੍ਰਿਤ ਵੇਲੇ ਦੇ ਦੀਵਾਨ ਤੋਂ ਬਾਅਦ ਕਲ਼ਗੀਧਰ ਪਾਤਸ਼ਾਹ ਸਟੇਜ ਤੇ ਆਉਂਦਿਆਂ ਹੀ ਗ਼ਰਜ਼ ਕੇ ਬੋਲੇ, "ਇੱਕ ਸਿਰ ਚਾਹੀਦਾ ਹੈ।" ਇਹ ਇੱਕ ਨਵੀਂ ਕਿਸਮ ਦੀ ਗੱਲ ਸੀ। ਇੱਕ ਵਾਰ ਤਾਂ ਸਾਰੇ ਦੀਵਾਨ ਵਿੱਚ ਚੁੱਪ ਛਾ ਗਈ। ਇੱਕ ਵਾਰੀ ਤਾਂ ਸਾਰੇ ਕੰਬ ਗਏ। ਉਹਨਾਂ ਵਿੱਚੋਂ ਕਈਆਂ ਨੇ ਮਾਤਾ ਗੁਜਰੀ ਜੀ ਕੋਲ ਜਾ ਕੇ ਸ਼ਿਕਾਇਤ ਕੀਤੀ ਕਿ ਗੁਰੂ ਸਾਹਿਬ ਨੂੰ ਪਤਾ ਨਹੀਂ ਕੀ ਹੋ ਗਿਆ ਹੈ। ਉਹ ਆਪਣੇ ਸਿੱਖਾਂ ਨੂੰ ਹੀ ਮਾਰਨ ਤੇ ਤੁੱਲੇ ਹੋਏ ਹਨ। ਇਸ ਤਰ੍ਹਾਂ ਕੁਝ ਕੱਚੇ-ਪਿੱਲੇ ਸਿੱਖ ਤਾਂ ਦੀਵਾਨ ਵਿੱਚੋਂ ਉੱਠ ਕੇ ਚਲੇ ਗਏ ਪਰ ਸਿਦਕੀ ਸਿੱਖਾਂ ਲਈ ਕੁਰਬਾਨ ਹੋ ਜਾਣ ਦਾ ਇਹੀ ਸਫਲ ਮੌਕਾ ਸੀ।

ਆਵਾਜ਼ਿ ਕੌਮ
AWAZE QAUM
International Newspaper & WEB TV

ਗੁਰੂ ਜੀ ਨੇ ਦੂਜੀ ਵਾਰ ਤੇ ਫਿਰ ਤੀਜੀ ਵਾਰ ਜ਼ੋਰ ਦੀ ਆਵਾਜ਼ ਲਗਾ ਕੇ ਕਿਹਾ ਕਿ 'ਇੱਕ ਸਿਰ ਚਾਹੀਦਾ ਹੈ।' ਤਾਂ ਸਭ ਤੋਂ ਪਹਿਲਾਂ ਲਾਹੌਰ ਦਾ ਰਹਿਣ ਵਾਲਾ ਭਾਈ ਦਇਆ ਰਾਮ ਖੱਤਰੀ ਉੱਠਿਆ, ਗੁਰੂ ਸਾਹਿਬ ਦੇ ਅੱਗੇ ਆ ਕੇ ਉਸ ਨੇ ਸੀਸ ਨਿਵਾਇਆ, ਗੁਰੂ ਸਾਹਿਬ ਉਸ ਨੂੰ ਤੰਬੂ ਵਿੱਚ ਲੈ ਗਏ। ਕੁਝ ਸਮੇਂ ਮਗਰੋਂ ਖ਼ੂਨ (ਲਹੂ) ਨਾਲ ਲਿੱਬੜੀ ਹੋਈ ਕਿਰਪਾਨ ਲੈ ਕੇ ਫਿਰ ਸਟੇਜ ਤੇ ਆਏ ਤੇ ਫਿਰ ਕਿਹਾ, 'ਇੱਕ ਸਿਰ ਚਾਹੀਦਾ ਹੈ।' ਫਿਰ ਦਿੱਲੀ ਦਾ ਭਾਈ ਧਰਮ ਦਾਸ (ਜੱਟ) ਉੱਠਿਆ, ਉਸ ਨੂੰ ਤੰਬੂ ਵਿੱਚ ਲੈ ਗਏ ਤੇ ਮੁੜ ਖ਼ੂਨ ਨਾਲ ਲਿੱਬੜੀ ਹੋਈ ਕਿਰਪਾਨ ਲੈ ਕੇ ਫਿਰ ਆ ਕੇ ਕਿਹਾ, 'ਇੱਕ ਸਿਰ ਚਾਹੀਦਾ ਹੈ।' ਇਸ ਤਰ੍ਹਾਂ ਵਾਰੀ-ਵਾਰੀ ਤਿੰਨ ਸਿਰ ਭਾਈ ਮੋਹਕਮ ਚੰਦ (ਛੀਂਬਾ), ਭਾਈ ਹਿੰਮਤ ਰਾਏ ਜਗਨਨਾਥਪੁਰੀ (ਝੀਵਰ) ਅਤੇ ਭਾਈ ਸਾਹਿਬ ਚੰਦ (ਨਾਈ) ਦੇ ਲੈ ਕੇ ਉਹਨਾਂ ਨੂੰ ਤੰਬੂ ਵਿੱਚ ਲੈ ਗਏ। ਇੱਕ ਵਾਰ ਸੰਗਤਾਂ ਹੈਰਾਨ ਰਹਿ ਗਈਆਂ ਸਨ ਪਰ ਜਦੋਂ ਪੰਜਾਂ ਨੂੰ ਸੰਗਤਾਂ ਦੇ ਸਾਹਮਣੇ ਲਿਆ ਕੇ ਖੜ੍ਹਾ ਕੀਤਾ ਜਿਨ੍ਹਾਂ ਨੇ ਇੱਕੋ ਰੰਗ ਦੀਆਂ ਦਸਤਾਰਾਂ, ਇੱਕੋ ਰੰਗ ਦੇ ਕੁੜਤੇ, ਕਮਰਕੱਸੇ, ਤੇੜ ਕਛਹਿਰੇ ਤੇ ਸੁੰਦਰ ਕਿਰਪਾਨਾਂ ਪਹਿਨੀਆਂ ਹੋਈਆਂ ਸਨ। ਪੰਜੇ ਸਿੱਖ ਬੜੇ ਖ਼ੂਬਸੂਰਤ ਲੱਗ ਰਹੇ ਸਨ। ਹੁਣ ਸੰਗਤ ਵਿੱਚ ਬੈਠੇ ਹੋਏ ਕਈ ਸਿੱਖ ਪਛਤਾ ਰਹੇ ਸਨ।

ਫਿਰ ਗੁਰੂ ਸਾਹਿਬ ਨੇ ਸਰਬ ਲੋਹ ਦਾ ਬਾਟਾ ਮੰਗਵਾਇਆ ਤੇ ਉਸ ਵਿੱਚ ਸ਼ੁੱਧ (ਨਿਰਮਲ, ਸਾਫ਼) ਜਲ ਪਾਇਆ। ਮਾਤਾ ਸਾਹਿਬ ਦੇਵਾਂ (ਕੌਰ) ਨੇ ਉਸ ਵਿੱਚ ਪਤਾਸੇ ਪਾਏ। ਗੁਰੂ ਸਾਹਿਬ ਬੀਰ ਆਸਣ ਹੋ ਕੇ ਬੈਠ ਗਏ ਤੇ ਬਾਟੇ ਵਿੱਚ ਖੰਡਾ ਫੇਰਨ ਲੱਗ ਪਏ। ਉਹਨਾਂ ਨਾਲੋਂ-ਨਾਲ ਜਪੁਜੀ ਸਾਹਿਬ, ਜਾਪੁ ਸਾਹਿਬ, ਤ੍ਵਪ੍ਰਸਾਦਿ ਸਵੱਯੈ, ਚੌਪਈ ਸਾਹਿਬ, ਅਨੰਦੁ ਸਾਹਿਬ ਬਾਣੀਆਂ ਦਾ ਪਾਠ ਕੀਤਾ। ਇੰਜ ਅੰਮ੍ਰਿਤ ਤਿਆਰ ਹੋ ਗਿਆ, ਜੋ ਪੰਜ ਸਿੱਖਾਂ ਨੂੰ (ਪੰਜ ਵਾਰੀ ਅੱਖਾਂ ਵਿੱਚ, ਪੰਜ ਵਾਰੀ ਮੂੰਹ ਵਿੱਚ, ਪੰਜ ਵਾਰੀ ਕੇਸਾਂ ਵਿੱਚ ਅੰਮ੍ਰਿਤ ਦੇ ਛੱਟੇ, ਚੁਲ਼ੇ) ਛਕਾਇਆ ਗਿਆ ਤੇ ਨਾਲ ਹੀ ਉਹਨਾਂ ਨੂੰ 'ਵਾਹਿਗੁਰੂ ਜੀ ਕਾ ਖ਼ਾਲਸਾ, ਵਾਹਿਗੁਰੂ ਜੀ ਕੀ ਫਤਹਿ' ਬੁਲਾਉਣ ਲਈ ਕਿਹਾ ਗਿਆ। ਉਹਨਾਂ ਦੇ ਨਾਂ ਨਾਲ 'ਸਿੰਘ' ਸ਼ਬਦ ਲਾ ਦਿੱਤਾ ਗਿਆ, ਜਿਸ ਦਾ ਅਰਥ ਸੀ 'ਬੱਬਰ ਸ਼ੇਰ'

ਇਸ ਤਰ੍ਹਾਂ ਪੰਜ ਸਿੱਖਾਂ ਨੂੰ ਸਿੰਘਾਂ ਵਿੱਚ ਬਦਲ ਕੇ ਉਹਨਾਂ ਨੂੰ ਪੰਜ ਪਿਆਰਿਆਂ ਦਾ ਨਾਂ ਦਿੱਤਾ। ਅੱਜ ਤੋਂ ਤੁਸੀਂ ਗੁਰੂ ਵਾਲੇ ਹੋ, ਤੁਹਾਡਾ ਜਨਮ ਕੇਸਗੜ੍ਹ ਦਾ ਹੈ ਤੇ ਵਾਸੀ ਅਨੰਦਪੁਰ ਦੇ ਹੋ। ਤੁਹਾਡਾ ਪਿਤਾ ਗੁਰੂ ਗੋਬਿੰਦ ਸਿੰਘ ਜੀ ਤੇ ਮਾਤਾ ਸਾਹਿਬ ਦੇਵਾਂ (ਕੌਰ) ਜੀ ਹਨ। ਤੁਸੀਂ ਪੰਜ ਕਕਾਰ ਕੇਸ, ਕੰਘਾ, ਕੜਾ, ਕ੍ਰਿਪਾਨ, ਕਛਹਿਰਾ ਨੂੰ ਹਮੇਸ਼ਾਂ ਧਾਰਨ ਕਰਕੇ (ਧਾਰ ਕੇ ਰੱਖਣਾ) ਹੈ। ਅੰਮ੍ਰਿਤ ਵੇਲੇ ਵਾਹਿਗੁਰੂ ਨਾਲ ਸੁਰਤ ਜੋੜ ਕੇ ਨਿੱਤ-ਨੇਮ ਦੀਆਂ ਬਾਣੀਆਂ ਦਾ ਪਾਠ ਕਰਨਾ ਹੈ। ਸ਼ਾਮ ਨੂੰ ਸੋਦਰੁ ਰਹਰਾਸਿ ਸਾਹਿਬ ਦਾ ਪਾਠ ਤੇ ਰਾਤ ਨੂੰ ਕੀਰਤਨ ਸੋਹਿਲਾ ਦੀ ਬਾਣੀ ਦਾ ਪਾਠ ਕਰਨਾ ਹੈ। ਚਾਰ ਕੁਰਹਿਤਾਂ ਤੋਂ ਬਚਣਾ ਹੈ।

1. ਕੇਸਾਂ ਦੀ ਬੇਅਦਬੀ, ਪਰ-ਇਸਤਰੀ ਜਾਂ ਪਰ ਪੁਰਸ਼ ਦਾ ਸੰਗ 3. ਤੰਬਾਕੂ ਦਾ ਸੇਵਨ 4. ਕੁੱਠੇ ਮਾਸ ਦੀ ਵਰਤੋਂ।

ਕੇਸ :- ਕੇਸ ਸੰਸਕ੍ਰਿਤ ਭਾਸ਼ਾ ਦਾ ਸ਼ਬਦ ਹੈ। ਅੰਮ੍ਰਿਤਧਾਰੀ ਸਿੰਘਾਂ ਦਾ ਇਹ ਪਹਿਲਾ ਕਕਾਰ ਹੈ। ਸਿੱਖ ਇਤਿਹਾਸ ਵਿੱਚ ਜ਼ਿਕਰ ਆਉਂਦਾ ਹੈ ਕਿ ਜਦ ਭਾਈ ਤਾਰੂ ਸਿੰਘ ਜੀ ਦੇ ਕੇਸ ਮੁਗ਼ਲਾਂ ਦੁਆਰਾ ਕੱਟੇ ਜਾਣ ਲੱਗੇ ਤਾਂ ਉਹਨਾਂ ਨੇ ਖੋਪਰੀ ਉਤਰਵਾਉਣੀ ਪ੍ਰਵਾਨ ਕਰ ਲਈ ਪਰ ਜੂੜਾ ਜਾਂ ਕੇਸ ਨਹੀਂ ਕੱਟਣ ਦਿੱਤੇ। ਉਹਨਾਂ ਜਾਨ ਦੇ ਦਿੱਤੀ ਪਰ ਕੇਸਾਂ ਨੂੰ ਆਂਚ ਨਹੀਂ ਆਉਣ ਦਿੱਤੀ। ਕੇਸਾਂ ਦੇ ਸਤਿਕਾਰ ਬਾਰੇ ਰਹਿਤਨਾਮਿਆਂ ਵਿੱਚ ਜ਼ਿਕਰ ਹੈ।

ਧਰੇ ਕੇਸ ਪਾਹੁਲ ਬਿਨਾਂ ਭੇਖੀ ਮੂਰਖ ਸਿਖ।
ਮੇਰਾ ਦਰਸ਼ਨ ਨਾਹਿ ਤਿਸੁ ਜੋ ਨਾ ਤਿਆਗੇ ਭਿਖ।

ਕੇਸਾਂ ਕਰਕੇ ਖ਼ਾਲਸੇ ਦੀ ਵਿਲੱਖਣਤਾ ਹੈ ਤੇ ਉਹ ਲੱਖਾਂ ਵਿੱਚ ਖੜ੍ਹਾ ਪਛਾਣਿਆ ਜਾਂਦਾ ਹੈ। ਕੇਸਾਂ ਨਾਲ ਖ਼ਾਲਸਾ ਨਿਆਰਾ ਲੱਗਦਾ ਹੈ।

ਜਬ ਲਗ ਖ਼ਾਲਸਾ ਰਹੇ ਨਿਆਰਾ॥
ਤਬ ਲਗ ਤੇਜ ਦੀਓ ਮੈਂ ਸਾਰਾ॥
ਜਬ ਇਹ ਗਹੈ ਬਿਪਰਨ ਕੀ ਰੀਤ॥
ਮੈਂ ਨਾ ਕਰੋਂ ਇਨ ਕੀ ਪ੍ਰਤੀਤ॥

ਸ਼੍ਰੀ ਗੁਰੂ ਅਮਰਦਾਸ ਜੀ ਦੇ ਪਵਿੱਤਰ ਕੇਸ ਗੋਇੰਦਵਾਲ ਸਾਹਿਬ ਵਿਖੇ ਤੇ ਗੁਰਦੁਆਰਾ ਨੌਸ਼ਹਿਰਾ ਪੰਨੂਆਂ ਵਿਖੇ ਸੰਗਤਾਂ ਦੇ ਦਰਸ਼ਨ ਲਈ ਅੱਜ ਵੀ ਉਪਲੱਬਧ ਹਨ। ਗੁਰੂ ਗੋਬਿੰਦ ਸਿੰਘ ਜੀ ਦੇ ਕੁਝ ਰੋਮ ਮਹਾਰਾਜਾ ਨਾਭਾ ਦੇ ਖ਼ਾਨਦਾਨ ਪਾਸ ਸੁਰੱਖਿਅਤ ਹਨ। ਕੇਸਾਂ ਦੀ ਸੰਭਾਲ ਲਈ ਇਹਨਾਂ ਨੂੰ ਦਸਤਾਰ ਨਾਲ ਢੱਕ ਕੇ ਰੱਖਣ ਲਈ ਗੁਰੂ ਸਾਹਿਬ ਨੇ ਤਾਕੀਦ ਵੀ ਕੀਤੀ।

ਗੁਰੂ ਸਾਹਿਬ ਨੇ ਕੇਸ ਰੱਖਣ ਦੇ ਅਸੂਲ ਨੂੰ ਲਾਜ਼ਮੀ ਕਰਾਰ ਦਿੱਤਾ ਹੈ। ਜੇਕਰ ਕਿਧਰੇ ਵੀ ਕੋਈ ਇਸ ਸਰੂਪ ਨੂੰ ਵਿਗਾੜਨ ਦੀ ਕੋਸ਼ਿਸ਼ ਕਰੇ ਤਾਂ ਤੁਰੰਤ ਪਤਾ ਲੱਗ ਜਾਂਦਾ ਹੈ। ਅੱਜ ਲੋੜ ਹੈ ਖ਼ਾਲਸਾ ਪੰਥ ਦੀ ਅਗਵਾਈ ਕਰਨ ਵਾਲਿਆਂ ਨੂੰ ਸਾਵਧਾਨ ਹੋ ਕੇ ਅਜਿਹੀ ਕੁਰੀਤੀ ਨੂੰ ਰੋਕਣ ਲਈ ਜ਼ੋਰਦਾਰ ਹੰਭਲਾ ਮਾਰਨ ਦੀ।

ਕੰਘਾ:- ਸਿੱਖ ਕੰਘੇ ਨੂੰ ਹਰ ਵਕਤ ਆਪਣੇ ਸਿਰ ਦੇ ਜੂੜੇ ਵਿੱਚ ਅਤੇ ਲੜਕੀਆਂ/ਬੀਬੀਆਂ ਆਪਣੀ ਗੁੱਤ/ਜੂੜੇ ਵਿੱਚ ਸੰਭਾਲ ਕੇ ਰੱਖਦੀਆਂ ਹਨ। ਕੰਘਾ ਲੱਕੜੀ ਦਾ ਵਰਤਣਾ ਚਾਹੀਦਾ ਹੈ। ਕੰਘਾ ਕਰਨ ਨਾਲ ਕੇਸ ਸਾਫ਼ ਰਹਿੰਦੇ ਹਨ ਅਤੇ ਸਰੀਰ ਚੁਸਤ ਰਹਿੰਦਾ ਹੈ। ਸਿੱਖ ਨੂੰ ਸਦਾ ਚੁਸਤ ਅਤੇ ਸਾਫ਼-ਸੁਥਰਾ ਰਹਿਣ ਲਈ ਸਵੇਰੇ-ਸ਼ਾਮ ਦੋਨੋਂ ਵੇਲੇ ਕੰਘਾ ਕਰਨ ਦਾ ਜ਼ਿਕਰ ਤਨਖਾਹਨਾਮਾ ਵਿੱਚ ਵੀ ਮਿਲਦਾ ਹੈ।

ਕੰਘਾ ਦੋਨੋਂ ਵਕਤ ਕਰ ਪਾਗ ਚੁਨੈ ਕਰ ਬਾਂਧਈ।
(ਤਨਖਾਹਨਾਮਾ 'ਚੋਂ)

ਕੜਾ:- ਸਿੱਖੀ ਦੇ ਨਿਯਮਾਂ ਅਨੁਸਾਰ ਕੜਾ ਸਰਬ ਲੋਹ ਦਾ ਹੋਣਾ ਚਾਹੀਦਾ ਹੈ ਪਰ ਅੱਜ ਜ਼ਿਆਦਾਤਰ ਅੰਮ੍ਰਿਤਧਾਰੀ ਗੁਰਸਿੱਖ ਲੋਹੇ/ਸਟੀਲ ਦਾ ਕੜਾ ਹੀ ਬਾਂਹ ਵਿੱਚ ਪਾਉਂਦੇ ਹਨ ਸੋਨੇ, ਚਾਂਦੀ ਦਾ ਪਾਇਆ ਹੋਇਆ ਕੜਾ ਗੁਰੂ ਸਾਹਿਬ ਵੱਲੋਂ ਬਖ਼ਿਸ਼ਆ ਹੋਇਆ ਕਕਾਰ ਨਹੀਂ ਅਖਵਾ ਸਕਦਾ। ਸਿੱਖ ਦੀ ਬਾਂਹ ਵਿੱਚ ਪਾਇਆ ਹੋਇਆ ਕੜਾ ਇਸ ਗੱਲ ਦੀ ਗਵਾਹੀ ਦਿੰਦਾ ਹੈ ਕਿ ਸਿੱਖ ਵਹਿਮਾਂ-ਭਰਮਾਂ ਦੇ ਸ਼ੰਕਿਆਂ ਤੋਂ ਉੱਚਾ ਹੋ ਜਾਂਦਾ ਹੈ।

ਕ੍ਰਿਪਾਨ:- ਕ੍ਰਿਪਾਨ ਸੰਸਕ੍ਰਿ ਭਾਸ਼ਾ ਦਾ ਸ਼ਬਦ ਹੈ, ਜਿਸ ਦਾ ਅਰਥ ਹੈ ਜੋ ਕਿਰਪਾ ਨੂੰ ਸੁੱਟ ਦੇਵੇ, ਜਿਸ ਦੇ ਚਲਾਉਣ ਵੇਲੇ ਰਹਿਮ ਨਾ ਆਵੇ। ਕ੍ਰਿਪਾਨ ਨੂੰ ਤਲਵਾਰ, ਸਿਰੀ ਸਾਹਿਬ, ਸ਼ਮਸ਼ੀਰ, ਸਿੰਘਾਂ ਦਾ ਦੂਜਾ ਕਕਾਰ ਕਿਹਾ ਜਾਂਦਾ ਹੈ ਜੋ ਅੰਮ੍ਰਿਤਧਾਰੀ ਲਈ ਪਹਿਨਣਾ ਜ਼ਰੂਰੀ ਹੈ।

ਕ੍ਰਿਪਾਨ ਬਹਾਦਰ ਲੋਕ ਪਾਉਂਦੇ ਹਨ। ਗੁਰੂ ਜੀ ਨੇ ਸਿੱਖਾਂ ਨੂੰ ਬਹਾਦਰ ਬਣਾਇਆ ਹੈ। ਕ੍ਰਿਪਾਨਧਾਰੀ ਹੋਣਾ ਸਿੱਖ ਦੇ ਸੁਤੰਤਰ ਜੀਵਨ ਦਾ ਪ੍ਰਤੀਕ ਹੈ। ਕ੍ਰਿਪਾਨ ਸਿੱਖ ਨੂੰ ਹਮੇਸ਼ਾਂ ਉਸ ਗੁਰੂ ਦੀ ਯਾਦ ਦਿਵਾਉਂਦੀ ਹੈ, ਜਿਸ ਨੇ ਅਕਾਲ ਪੁਰਖ ਤੋਂ ਬਿਨਾਂ ਕਿਸੇ ਦੀ ਗੱਲ ਨਹੀਂ ਸੀ ਮੰਨੀ। ਸਿੱਖ ਕ੍ਰਿਪਾਨ ਧਾਰਨ ਕਰਕੇ ਕਦੇ ਵੀ ਗ਼ੁਲਾਮੀ ਵਾਲਾ ਜੀਵਨ ਨਹੀਂ ਜਿਊਂਦਾ। ਗੁਰੂ ਸਾਹਿਬ ਨੇ ਖ਼ਾਲਸਾ ਨੂੰ ਅੰਮ੍ਰਿਤਪਾਨ ਕਰਵਾਇਆ ਸੀ ਤਾਂ ਉਸ ਸਮੇਂ ਸ਼ਸਤਰ ਧਾਰਨ ਕਰਨ ਦੇ ਹੁਕਮ ਨੂੰ ਕਵੀ ਸੰਤੋਖ ਸਿੰਘ ਜੀ ਨੇ ਇਸ ਤਰ੍ਹਾਂ ਵਰਣਨ ਕੀਤਾ ਹੈ।

ਜਬ ਹਮਰੇ ਦਰਸ਼ਨ ਕੋ ਆਵਹੁ।
ਬਣ ਸੁਚੇਤ ਸ਼ਸਤਰ ਸਜਾਵਹੁ।
ਕਮਰ ਕੱਸਾ ਕਰ ਦੇਉ ਦਿਖਾਈ।
ਹਮਰੀ ਖ਼ੁਸ਼ੀ ਹੋਇ ਅਧਿਕਾਈ।

ਅਥਵਾ:
ਅਸ ਕ੍ਰਿਪਾਨ ਖੰਡੋ ਖੜਗ ਤੁਪਕ ਤਬਰ ਅਰੁ ਤੀਰ॥
ਸੈਫ ਸਰੋਹੀ ਸੈਹਥੀ ਯਹੈ ਹਮਾਰੈ ਪੀਰ॥
(ਦਸਮ ਗ੍ਰੰਥ ਵਿੱਚੋਂ)

ਇੱਕ ਗੱਲ ਸਿੱਖ ਨੂੰ ਯਾਦ ਰੱਖਣੀ ਚਾਹੀਦੀ ਹੈ ਕਿ ਕੰਘੇ ਨਾਲ ਲੱਗੀ ਨਿੱਕੀ ਕ੍ਰਿਪਾਨ (ਚਿੰਨ੍ਹ) ਜਾਂ ਗਰਦਨ ਦੁਆਲੇ ਪਹਿਨੀ ਨਿੱਕੀ ਕ੍ਰਿਪਾਨ ਨੂੰ ਕਕਾਰ ਨਹੀਂ ਕਹਿੰਦੇ। ਕ੍ਰਿਪਾਨ ਦੀ ਲੰਬਾਈ ਸੰਬੰਧੀ ਅਜੇ ਵੀ ਸਿੱਖ ਮੱਤ ਵਿੱਚ ਕੋਈ ਸਰਬ ਪ੍ਰਵਾਨਿਤ ਫ਼ੈਸਲਾ ਨਹੀਂ ਹੋ ਸਕਿਆ। ਪਰ ਸਿੱਖ ਨੂੰ ਛੇ ਤੋਂ ਨੌਂ ਇੰਚ ਤੱਕ ਦੀ ਕ੍ਰਿਪਾਨ ਗਲ ਵਿੱਚ ਧਾਰਨ ਕਰਨੀ ਚਾਹੀਦੀ ਹੈ। ਇਸ ਤੋਂ ਵੱਡੀ ਕ੍ਰਿਪਾਨ ਤਾਂ ਪਾਈ ਜਾ ਸਕਦੀ ਹੈ ਪਰ ਛੋਟੀ ਕ੍ਰਿਪਾਨ ਜੋ ਗਾਤਰੇ ਤੋਂ ਬਗ਼ੈਰ ਪਾਈ ਜਾਵੇ, ਉਹ ਕਕਾਰ ਵਿੱਚ ਸ਼ਾਮਲ ਨਹੀਂ ਕੀਤੀ ਜਾ ਸਕਦੀ। ਅੱਜ ਕਈ ਅੰਮ੍ਰਿਤਧਾਰੀ ਸਿੰਘ/ਵੀਰ ਡੋਰੀ ਵਾਲੀ ਕ੍ਰਿਪਾਨ ਵੀ ਪਹਿਨਦੇ ਹਨ। ਉਹਨਾਂ ਨੂੰ ਇਸ ਦੇ ਨਾਲ-ਨਾਲ ਗਾਤਰੇ ਵਾਲੀ ਕ੍ਰਿਪਾਨ ਵੀ ਪਾਉਣੀ ਚਾਹੀਦੀ ਹੈ।

ਕਛਹਿਰਾ:- ਸਿੱਖਾਂ ਦਾ ਕਛਹਿਰਾ ਵੀ ਦੂਸਰਿਆਂ ਨਾਲੋਂ ਵੱਖਰਾ ਹੁੰਦਾ ਹੈ। ਕਛਹਿਰਾ ਰੇਬਦਾਰ ਹੁੰਦਾ ਹੈ। ਸਿੱਖ ਕੱਛਾ, ਜਾਂਘੀਆ, ਨਿੱਕਰ, ਪਟੇਦਾਰ ਕੱਛਾ ਨਹੀਂ ਪਾਉਂਦਾ। ਸਿੱਖ ਦਾ ਕਛਹਿਰਾ ਜਿੱਥੇ ਨੰਗੇਜ਼ ਨੂੰ ਪੂਰੀ ਤਰ੍ਹਾਂ ਢੱਕਦਾ ਹੈ, ਉੱਥੇ ਸਿੱਖ ਦੇ ਆਚਰਨ ਨੂੰ ਉੱਚਾ ਤੇ ਸੁੱਚਾ ਵੀ ਰੱਖਦਾ ਹੈ। ਸਿੱਖ ਪੰਜ ਕਕਾਰਾਂ ਵਿੱਚੋਂ ਕਿਸੇ ਵੀ ਕਕਾਰ ਦਾ ਤਿਆਗ ਨਹੀਂ ਕਰ ਸਕਦਾ। ਇਹਨਾਂ ਪੰਜਾਂ ਕਕਾਰਾਂ ਨੂੰ ਅੰਮ੍ਰਿਤਧਾਰੀ ਸਿੰਘ ਲਈ ਉੱਠਦਿਆਂ ਬੈਠਦਿਆਂ, ਸੌਂਦਿਆਂ-ਜਾਗਦਿਆਂ ਹਰ ਸਮੇਂ ਆਪਣੇ ਅੰਗ-ਸੰਗ ਰੱਖਣਾ ਲਾਜ਼ਮੀ ਹੈ। ਇਹਨਾਂ ਪੰਜਾਂ ਕਕਾਰਾਂ ਨੇ ਸਿੱਖਾਂ ਨੂੰ ਇੱਕ ਭਾਈਚਾਰੇ ਵਿੱਚ ਸੰਗਠਿਤ ਰੱਖਿਆ ਹੈ ਕਿਉਂਕਿ ਇਹ ਧਾਰਮਿਕ ਚਿੰਨ੍ਹ ਸਿੱਖ ਨੂੰ ਸਿੱਖੀ ਮਾਰਗ ਤੇ ਚੱਲਣ ਦੇ ਸਮਰੱਥ ਬਣਾਉਂਦੇ ਹਨ। ਇਹ ਸਿੱਖ ਨੂੰ ਉਹ ਹਿੰਮਤ ਭਰੇ ਕਾਰਨਾਮੇ ਕਰਨ ਦੇ ਸਮਰੱਥ ਬਣਾਉਂਦੇ ਹਨ, ਜੋ ਦੂਜੇ ਗ਼ੈਰ ਸਿੱਖ ਲੋਕ ਨਹੀਂ ਕਰ ਸਕਦੇ।

ਅੰਤ ਵਿੱਚ ਅੰਗਰੇਜ਼ੀ ਬੀਬੀ ਮਿਸ ਜੀਨਸ ਕਲਰ ਦੀ ਉਦਾਹਰਣ ਦੇ ਕੇ ਲੇਖ ਸਮਾਪਤ ਕਰਦਾ ਹਾਂ। ਉਸ ਦਾ ਕਹਿਣਾ ਹੈ ਕਿ "ਐ ਸਿੱਖ ਵੀਰੋ! ਜ਼ਰਾ ਆਪਣੇ ਕਕਾਰ ਤਿਆਗ ਕੇ ਤਾਂ ਵੇਖੋ, ਖ਼ਾਲਸਾ ਪੰਥ ਦਾ ਅੰਤ ਸਾਹਮਣੇ ਨਜ਼ਰ ਆ ਜਾਵੇਗਾ।

ਅੱਜ 13 ਅਪ੍ਰੈਲ ਨੂੰ 325ਵਾਂ ਖ਼ਾਲਸਾ ਸਾਜਣਾ ਦਿਵਸ ਸਮੁੱਚੇ ਸੰਸਾਰ ਵਿੱਚ ਬੜੀ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ। ਇਸ ਸ਼ੁੱਭ ਅਵਸਰ 'ਤੇ ਇਹਨਾਂ ਸਤਰਾਂ ਦੇ ਲੇਖਕ ਵੱਲੋਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਲੱਖ-ਲੱਖ ਵਧਾਈ ਹੋਵੇ।

**-ਕਰਨੈਲ ਸਿੰਘ ਐੱਮ.ਏ.ਲੁਧਿਆਣਾ**
**# 1138/63-ਏ, ਗੁਰੂ ਤੇਗ਼ ਬਹਾਦਰ ਨਗਰ,**
**ਗਲੀ ਨੰਬਰ 1, ਚੰਡੀਗੜ੍ਹ ਰੋਡ,**
**ਜਮਾਲਪੁਰ, ਲੁਧਿਆਣਾ।**

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਗੁ. ਬਾਬਾ ਗੁਰਦਿੱਤ ਸਿੰਘ ਜੀ ਵਿਖੇ ਦਸਤਾਰ ਮੁਕਾਬਲੇ ਕਰਵਾਏ ਗਏ



**ਚੌਕ ਮਹਿਤਾ, 13 ਅਪਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)** -ਅੱਜ ਕਸਬਾ ਮਹਿਤਾ ਚੌਕ ਦੇ ਗੁਰਦੁਆਰਾ ਸਰਾਂ ਬਾਬਾ ਗੁਰਦਿੱਤ ਸਿੰਘ ਤਰਨਾ ਦਲ ਵਿੱਖੇ ਬੱਚਿਆਂ ਦੇ ਸੋਹਣੀ ਦਸਤਾਰ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਕਰੀਬ 33 ਬੱਚਿਆਂ ਨੇ ਭਾਗ ਲਿਆ। ਸਭ ਤੋਂ ਪਹਿਲਾਂ ਪ੍ਰਬੰਧਕਾਂ ਵਲੋਂ ਬੱਚਿਆਂ ਨਾਲ ਸਿੱਖ ਇਤਿਹਾਸ ਅਤੇ ਰਹਿਤ ਮਰਿਯਾਦਾ ਬਾਰੇ ਸਵਾਲ ਜਵਾਬ ਕੀਤੇ ਗਏ।ਉਪਰੰਤ ਸਭ ਤੋਂ ਸੋਹਣੀ ਦਸਤਾਰ ਸਜਾਉਣ ਦੇ ਮੁਕਾਬਲੇ ਪ੍ਰਤੀ ਜਾਣਕਾਰੀ ਅਤੇ ਹਿਦਾਇਤਾਂ ਜਾਰੀ ਕੀਤੀਆਂ ਗਈਆਂ। ਸਥਾਨਕ ਗ੍ਰੰਥੀ ਬਾਬਾ ਜਸਵੰਤ ਸਿੰਘ ਵਲੋਂ ਅਰਦਾਸ ਕੀਤੀ ਗਈ ਅਤੇ ਜੈਕਾਰਿਆਂ ਦੀ ਗੂੰਜ ਵਿੱਚ ਦਸਤਾਰ ਮੁਕਾਬਲਾ ਸ਼ੁਰੂ ਹੋਇਆ। ਇਸ ਤੋਂ ਪਹਿਲਾਂ ਗੁਰੂ ਘਰ ਵਿੱਚ ਖ਼ਾਲਸਾ ਸਿਰਜਣਾ ਦਿਵਸ ਸਬੰਧੀ ਦੀਵਾਨ ਸਜਾਏ ਗਏ ਜਿਸ ਦੌਰਾਨ ਭਾਈ ਦਵਿੰਦਰ ਸਿੰਘ ਦੇ ਕੀਰਤਨੀ ਜੱਥੇ ਨੇ ਕੀਰਤਨ ਕੀਤਾ ਅਤੇ ਭਾਈ ਦਲਜੀਤ ਸਿੰਘ ਨੇ ਬਾਰਹਮਾਹਾ ਵਿਚੋਂ ਵਿਸਾਖ ਮਹੀਨੇ ਦੀ ਸ਼ਬਦ ਵੀਚਾਰ ਕੀਤੀ। ਇਸ ਤੋਂ ਬਾਅਦ ਸੋਹਣੀ ਦਸਤਾਰ ਸਜਾਉਣ ਵਿੱਚ ਅਵੱਲ ਰਹਿਣ ਵਾਲੇ ਬੱਚੇ ਗੁਰਸ਼ਰਨ ਸਿੰਘ ਨੂੰ, ਦੂਸਰੇ ਨੰਬਰ ਤੇ ਰਹਿਣ ਵਾਲੇ ਅਮਿਤ ਸਿੰਘ ਨੂੰ ਅਤੇ ਤੀਸਰੇ ਸਥਾਨ ਤੇ ਰਹਿਣ ਵਾਲੇ ਮੇਹਰਜੀਤ ਸਿੰਘ ਨੂੰ ਨਗਦ ਇਨਾਮ ਅਤੇ ਸਨਮਾਨ੍ਹ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਮੁਕਾਬਲੇ ਵਿੱਚ ਹਿੱਸਾ ਲੈਣ ਵਾਲੇ ਸਾਰੇ ਬੱਚਿਆਂ ਨੂੰ ਵੀ ਨਗਦ ਇਨਾਮ ਅਤੇ ਸਨਮਾਨ੍ਹ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।ਮੁਕਾਬਲੇ ਦੀ ਜੱਜਮੈਂਟ ਭਾਈ ਗਗਨਦੀਪ ਸਿੰਘ, ਭਾਈ ਕਰਨਬੀਰ ਸਿੰਘ ਅਤੇ ਡਾਕਟਰ ਪਰਮਰਾਜ ਸਿੰਘ ਨੇ ਨਿਭਾਈ। ਇਸ ਮੌਕੇ ਤੇ ਹੋਰ ਪ੍ਰਬੰਧਕਾਂ ਤੋਂ ਇਲਾਵਾ ਬਾਬਾ ਸਾਹਿਬ ਸਿੰਘ ਤਰਨਾ ਦਲ, ਭਾਈ ਗੁਰਚਰਨ ਸਿੰਘ ਬਿੱਲਾ, ਭਾਈ ਬਲਵਿੰਦਰ ਸਿੰਘ ਬਾਊ, ਭਾਈ ਨਵਦੀਪ ਸਿੰਘ ਅਮਰਜੀਤ ਸਟੂਡੀਓ ਵਾਲੇ, ਪ੍ਰਧਾਨ ਕੇਵਲ ਸਿੰਘ, ਭਾਈ ਭੁਪਿੰਦਰ ਸਿੰਘ ਖ਼ਾਲਸਾ, ਭਾਈ ਅਵਤਾਰ ਸਿੰਘ, ਕੰਪਨੀ ਕਮਾਂਡਰ ਸ. ਲਖਬੀਰ ਸਿੰਘ, ਭਾਈ ਗੁਰਪ੍ਰੀਤ ਸਿੰਘ, ਭਾਈ ਲਵਪ੍ਰੀਤ ਸਿੰਘ, ਭਾਈ ਸੁਰਜੀਤ ਸਿੰਘ ਵੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਸਾਨੂੰ ਸਾਡੇ ਅਮੀਰ ਵਿਰਸੇ ਨਾਲ ਜੁੜਨਾ ਚਾਹੀਦਾ ਹੈ ਤੇ ਹੱਥੀਂ ਕਿਰਤ ਕਰਨੀ ਕਰਨੀ ਚਾਹੀਦੀ ਹੈ : ਪ੍ਰਿੰਸੀਪਲ ਮੱਖਣ ਸਿੰਘ ਦੀਵਾਨਾ

# ਐੱਸ.ਜੀ.ਐੱਨ.ਇੰਟਰਨੈਸ਼ਨਲ ਸਕੂਲ ਦੀਵਾਨਾ ਵਿਖੇ ਵਿਸਾਖੀ ਮੇਲਾ ਮਨਾਇਆ















**ਮਹਿਲ ਕਲਾਂ/ਬਰਨਾਲਾ (ਵਰਿਆਮ ਹਠੂਰ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਐੱਸ.ਜੀ.ਐੱਨ.ਇੰਟਰਨੈਸ਼ਨਲ ਸਕੂਲ ਦੀਵਾਨਾਂ ਦੇ ਵਿਦਿਆਰਥੀਆਂ ਅਤੇ ਸਟਾਫ਼ ਵੱਲੋਂ ਵਿਸਾਖੀ ਮੇਲਾ ਮਨਾਇਆ ਗਿਆ ਇਸ ਮੌਕੇ ਬੱਚਿਆਂ ਨੂੰ ਸਕੂਲ ਸਟਾਫ਼ ਵੱਲੋਂ ਖਾਲਸਾ ਸਾਜਨਾ ਦਿਵਸ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਪੁਰਾਤਨ ਪੰਜਾਬੀ ਵਿਰਸੇ ਨਾਲ ਜੋੜਨ ਲਈ ਪੁਰਾਤਨ ਵਸਤਾਂ ਜਿਵੇਂ ਕਿ ਗੱਡਾ, ਮਧਾਣੀਆਂ, ਚਰਖੇ, ਫੁਲਕਾਰੀਆਂ, ਲਾਲਟੈਣ, ਹਲ ਪੰਜਾਲੀ ਆਦਿ ਨੂੰ ਵਿਸਾਖੀ ਮੇਲੇ ਦਾ ਸ਼ਿੰਗਾਰ ਬਣਾਇਆ ਗਿਆ। ਇਸ ਮੌਕੇ ਤੇ ਸਕੂਲ ਦੀ ਗੱਤਕਾ ਟੀਮ ਵੱਲੋਂ ਗੱਤਕੇ ਦੇ ਜੌਹਰ ਵੀ ਦਿਖਾਏ ਗਏ। ਬੱਚਿਆਂ ਨੇ ਖਾਲਸਾ ਸਾਜਨਾ ਦਿਵਸ ਬਾਰੇ ਜਾਣਕਾਰੀ ਹਾਸਿਲ ਕੀਤੀ ਤੇ ਉਸ ਤੋਂ ਬਾਅਦ ਖੂਬ ਮਨੋਰੰਜਨ ਕੀਤਾ ਬੱਚਿਆਂ ਦੁਆਰਾ ਇਸ ਮੌਕੇ ਭੰਗੜਾ, ਗਿੱਧਾ ਅਤੇ ਕੋਰਿਓਗ੍ਰਾਫ਼ੀਆਂ ਪੇਸ਼ ਕੀਤੀਆਂ ਗਈਆਂ ਇਸ ਨਾਲ ਪ੍ਰੋਗਰਾਮ ਨੂੰ ਹੋਰ ਵੀ ਚਾਰ ਚੰਨ ਲੱਗ ਗਏ ਬੱਚਿਆਂ ਨੇ ਪੁਰਾਤਨ ਸੱਭਿਆਚਾਰ ਬਾਰੇ ਭਰਪੂਰ ਜਾਣਕਾਰੀ ਪ੍ਰਾਪਤ ਕੀਤੀ। ਇਸ ਮੌਕੇ ਪ੍ਰਸਿੱਧ ਢਾਡੀ ਦੇਸ਼ ਰਾਜ ਸਿੰਘ ਦੀਵਾਨਾ ਦੀ ਪੋਤਰੀ ਹਰਸਪ੍ਰੀਤ ਕੌਰ ਨੇ ਖਾਲਸਾ ਸਾਜਨਾ ਦਿਵਸ ਨਾਲ ਸਬੰਧਤ ਧਾਰਮਿਕ ਸ਼ਬਦ ਬੋਲ ਕੇ ਸਭ ਦਾ ਦਿਲ ਮੋਹ ਲਿਆ ਇਸ ਮੌਕੇ ਸਕੂਲ ਸਟਾਫ਼ ਵੱਲੋਂ ਬੱਚਿਆਂ ਨੂੰ ਵਿਸਾਖੀ ਦੇ ਤਿਉਹਾਰ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਪ੍ਰਿੰਸੀਪਲ ਮੱਖਣ ਸਿੰਘ ਨੇ ਬੋਲਦਿਆਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਨੂੰ ਪੁਰਾਤਨ ਸੱਭਿਆਚਾਰ ਤੋਂ ਸਿੱਖ ਕੇ ਹੱਥੀਂ ਕਿਰਤ ਕਰਨੀ ਚਾਹੀਦੀ ਹੈ ਅਤੇ ਨਸ਼ਿਆਂ ਤੋਂ ਦੂਰ ਰਹਿਣਾ ਚਾਹੀਦਾ ਹੈ। ਇਹਨਾਂ ਤੋਂ ਇਲਾਵਾ ਸਮੂਹ ਸਟਾਫ਼ ਵਿੱਚ ਕੁਲਜੀਤ ਸਿੰਘ ਦੀਵਾਨਾਂ ਪਵਨਜੀਤ ਕੌਰ, ਪ੍ਰਦੀਪ ਕੌਰ, ਰਮਨਜੀਤ ਕੌਰ, ਕੋਮਲਪ੍ਰੀਤ ਕੌਰ, ਗੁਰਪ੍ਰੀਤ ਕੌਰ, ਜਸਪ੍ਰੀਤ ਕੌਰ, ਮਨਦੀਪ ਕੌਰ , ਸਰਬਜੀਤ ਕੌਰ, ਅਮਨਦੀਪ ਕੌਰ, ਗੁਰਪ੍ਰੀਤ ਕੌਰ, ਲਛਮਣੀ, ਅਮਨਜੋਤ ਕੌਰ, ਪ੍ਰਭਜੋਤ ਕੌਰ, ਸੁਖਜੀਤ ਕੌਰ, ਕਮਲਜੀਤ ਕੌਰ, ਰਮਨਦੀਪ ਕੌਰ, ਕਿੰਦਰ ਕੌਰ ਆਦਿ ਤੋਂ ਇਲਾਵਾ ਸਮੁੱਚੀ ਮੈਨੇਜ਼ਮੈਂਟ ਹਾਜ਼ਿਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਵਲੋਂ ਇਕ ਦਿਨਾਂ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ









**ਬੰਗਾ, 13 ਅਪ੍ਰੈਲ (ਹਰਪ੍ਰੀਤ ਸਿੰਘ ਪਠਲਾਵਾ)**-ਖ਼ਾਲਸਾ ਪੰਥ ਦੀ ਸਾਜਨਾ ਦਿਵਸ਼ ਅਤੇ ਵਿਸਾਖੀ ਦੇ ਸ਼ੁਭ ਦਿਹਾੜੇ ਨੂੰ ਸਮਰਪਿਤ ਏਕ ਨੂਰ ਸਵੈ ਸੇਵੀ ਸੰਸਥਾ ਪਠਲਾਵਾ ਵਲੋਂ ਗੁਰਦੁਆਰਾ ਸ਼ਹੀਦ ਬਾਬਾ ਬੇਅੰਤ ਸਿੰਘ ਪਿੰਡ ਚੌਹੜਾ,ਕੋਟ ਪਤੀ ਪੱਲੀਆਂ ਦੇ ਸਥਾਨ ਤੇ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਜਥੇਦਾਰ ਸਵਰਨਜੀਤ ਸਿੰਘ ਪਠਲਾਵਾ ਅਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਇਕ ਦਿਨਾਂ ਮੈਡੀਕਲ ਚੈੱਕਅਪ ਕੈਂਪ ਲਗਾਇਆ ਗਿਆ। ਕੈਂਪ ਦਾ ਸ਼ੁਭ ਉਦਘਾਟਨ ਜਥੇਦਾਰ ਸਵਰਨਜੀਤ ਸਿੰਘ ਪਠਲਾਵਾ, ਸੰਸਥਾ ਦੇ ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆਂ,ਡਾ ਅਵਤਾਰ ਸਿੰਘ ਬਰਾੜ, ਅਤੇ ਸੰਸਥਾ ਦੇ ਪ੍ਰਧਾਨ ਸ ਪ੍ਰਮਜੀਤ ਸਿੰਘ ਸੂਰਾਪੁਰ ਹੋਰਾਂ ਵਲੋਂ ਸਾਂਝੇ ਤੌਰ ਤੇ ਫੀਤਾ ਕੱਟ ਕੇ ਕੀਤਾ ਪੇਟ ਦੀਆਂ ਬਿਮਾਰੀਆਂ ਦੇ ਮਾਹਿਰ ਡਾ ਮਾਨਵਦੀਪ ਸਿੰਘ



ਬੈਂਸ ਅਤੇ ਹੱਡੀਆਂ ਦੇ ਮਾਹਿਰ ਡਾ ਪ੍ਰਮਿੰਦਰ ਸਿੰਘ ਵਾਰੀਆ ਹੋਰਾਂ ਨੇ ਮਰੀਜ਼ਾਂ ਦਾ ਚੈੱਕ ਅੱਪ ਕੀਤਾ ਡਾ ਸਹਿਬਾਨ ਵੱਲੋਂ ਸਿਫਾਰਸ਼ ਕੀਤੀਆਂ ਦਵਾਈਆਂ ਸੰਸਥਾ ਵੱਲੋਂ ਮਰੀਜ਼ਾਂ ਨੂੰ ਮੁਫ਼ਤ ਉਪਲਬਧ ਕਰਵਾਈਆਂ ਗਈਆਂ। ਲੋੜ ਅਨੁਸਾਰ ਟੈਸਟ ਵੀ ਅੱਧੇ ਖਰਚੇ ਤੇ ਕਰਵਾਏ ਗਏ। ਇਸ ਅਵਸਰ ਤੇ ਇਕੱਠ ਨੂੰ ਸੰਬੋਧਨ ਕਰਦਿਆਂ ਜਥੇਦਾਰ ਸਵਰਨਜੀਤ ਸਿੰਘ ਪਠਲਾਵਾ , ਚੇਅਰਮੈਨ ਸ ਇੰਦਰਜੀਤ ਸਿੰਘ ਵਾਰੀਆਂ ਡਾ ਬਰਾੜ, ਲੈਕਚਰਾਰ ਤਰਸੇਮ ਪਠਲਾਵਾ ਅਤੇ ਮਾਂ ਤਰਲੋਚਨ ਸਿੰਘ ਪਠਲਾਵਾ ਹੋਰਾਂ ਨੇ ਕਿਹਾ ਕਿ ਭਾਵੇਂ ਅਸੀਂ ਮਹਿਸੂਸ ਕਰਦੇ ਹਾਂ ਕਿ ਅੱਜ ਦੇ ਸਮਾਜ ਨੇ ਬਹੁਤ ਤਰੱਕੀ ਕਰ ਲਈ ਹੈ ਪਰ ਸੇਹਤ ਸਬੰਧੀ ਜਾਣਕਾਰੀ ਦੀ ਘਾਟ ਅਤੇ ਖਾਣਪੀਣ ਦੀ ਸੋਝੀ ਨਾ ਹੋਣ ਕਰਕੇ ਹਰ ਇਨਸਾਨ ਦਵਾਈਆਂ ਖਾਣ ਅਤੇ ਬਿਮਾਰੀਆਂ ਦਾ ਸ਼ਿਕਾਰ ਹੋ ਚੁਕਾ ਹੈ। ਸਾਰੇ ਬੁਲਾਰਿਆਂ ਨੇ ਕਿਹਾ ਜੇਕਰ ਅਜ ਦੇ ਸਮੇਂ ਕੋਈ ਸੰਸਥਾ ਲੋੜਵੰਦ ਸਮਾਜ ਲਈ ਅਜਿਹਾ ਉਦਮ ਉਪਰਾਲਾ ਕਰਦੀ ਹੈ ਤਾਂ ਸਾਨੂੰ ਉਸਦਾ ਲਾਹਾ ਲੈ ਲੈਣਾ ਚਾਹੀਦਾ ਹੈ । ਇਸ ਅਵਸਰ ਤੇ ਡਾ ਅਵਤਾਰ ਸਿੰਘ ਬਰਾੜ ਸਾਹਿਬ ਵਲੋਂ 11000 ਹਜ਼ਾਰ ਰੁਪਏ ਦੀ ਰਾਸ਼ੀ ਸੰਸਥਾ ਨੂੰ ਸਮਾਜ ਸੇਵੀ ਕਾਰਜਾਂ ਲਈ ਭੇਂਟ ਕੀਤੀ ਜਿਸਦਾ ਸੰਸਥਾ ਵਲੋਂ ਨਿਘਾ ਸੁਆਗਤ ਤੇ ਧੰਨਵਾਦ ਕੀਤਾ ਗਿਆ। ਇਸ ਅਵਸਰ ਤੇ ਸੰਸਥਾ ਦੇ ਇਸਤਰੀ ਵਿੰਗ ਦੇ ਅਹੁਦੇਦਾਰਾਂ ਵਿਚ ਮੈਡਮ ਮੈਡਮ ਕੁਲਵਿੰਦਰ ਕੌਰ ਵਾਰੀਆ, ਮੈਡਮ ਸਰਬਜੀਤ ਕੌਰ, ਮੈਡਮ ਸਾਰਿਕਾ ਸੋਨੀ ਸੁਜੋਂ, ਮੈਡਮ ਜਸਵੀਰ ਕੌਰ ਵਾਰੀਆਂ, ਮੈਡਮ ਬਲਵਿੰਦਰ ਕੌਰ ਹੋਰਾਂ ਨੇ ਅਹਿਮ ਭੂਮਿਕਾ ਨਿਭਾਈ। ਹੋਰਨਾਂ ਤੋਂ ਇਲਾਵਾ ਸੀਨੀਅਰ ਉਪ ਚੇਅਰਮੈਨ ਸ ਤਰਲੋਚਨ ਸਿੰਘ ਵਾਰੀਆਂ, ਇੰਜ ਕੁਲਦੀਪ ਸਿੰਘ ਵਾਰੀਆ ਉਪ ਚੇਅਰਮੈਨ ਐਨ ਆਰ ਆਈ, ਮੈਂਡਮ ਹਰਜੀਤ ਕੌਰ ਵਾਰੀਆ ਯੂ ਏ ਈ, ਪੋ ਚਰਨਜੀਤ ਸਿੰਘ ਪੋਸੀ, ਹਰਪ੍ਰੀਤ ਸਿੰਘ ਖਾਲਸਾ,ਮਾਂ ਤਰਲੋਚਨ ਸਿੰਘ ਪਠਲਾਵਾ ,ਸ ਬਲਵੀਰ ਸਿੰਘ ਯੂ ਕੇ ਸਾਹਿਬ ,ਮਾਂ ਰਮੇਸ਼ ਕੁਮਾਰ ਪਠਲਾਵਾ,ਸ ਸਰਵਣ ਸਿੰਘ ਹੀਰ ਕੈਨੇਡਾ, ਪ੍ਰਭਜੋਤ ਸਿੰਘ ਡਾ ਨਵਕਆਂਤ ਭਰੋਮਾਜਾਰਾ ਸ੍ਰੀ ਹਰਮੇਸ਼ ਲਾਲ ਸਰਪੰਚ ਪਿੰਡ ਚਾਹਿਲ ਪੁਰ ਸ ਸੇਵਾ ਸਿੰਘ ਚੌਹੜਾ , ਠੇਕੇਦਾਰ ਸਰਬਜੀਤ ਸਿੰਘ ਡਘਾਮ ,ਸ ਚਰਨ ਸਿੰਘ ਗੋਲੀ ਬੰਗਾ ਧੰਨਾਂ ਸਿੰਘ ਠੇਕੇਦਾਰ ,ਸ ਬਲਵੀਰ ਸਿੰਘ ਬਸਿਆਲਾ, ਸ ਬਖਸ਼ੀਸ਼ ਸਿੰਘ ਫੌਜੀ ਹਾਜ਼ਿਰ ਸਨ ਇਸ ਅਵਸਰ ਤੇ 150 ਦੇ ਕਰੀਬ ਮਰੀਜ਼ਾਂ ਦਾ ਚੈੱਕ ਅੱਪ ਕੀਤਾ ਗਿਆ।

ਆਵਾਜ਼ਿ ਕੌਮ AWAZE QAUM International Newspaper & WEB TV

ਕੰਡਿਆਲੀ ਤਾਰ ਨੂੰ ਜ਼ੀਰੋ ਲਾਈਨ 'ਤੇ ਲਿਜਾਣ ਦਾ ਕੰਮ ਪ੍ਰੋਸੈੱਸ ਅਧੀਨ -ਤਰਨਜੀਤ ਸਿੰਘ ਸੰਧੂ ਸਮੁੰਦਰੀ

# ਸਰਹੱਦੀ ਕਿਸਾਨਾਂ ਦੇ ਮਸਲੇ ਸੁਰੱਖਿਆ ਨੂੰ ਧਿਆਨ ਵਿੱਚ ਰੱਖਦੇ ਹੋਏ ਨਿਸ਼ਿਚਤ ਤੌਰ 'ਤੇ ਹੱਲ ਕੀਤੇ ਜਾਣਗੇ



**ਅਜਨਾਲਾ/ਅੰਮ੍ਰਿਤਸਰ 13 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ ਵਿਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਅੱਜ ਭਾਰਤ-ਪਾਕਿਸਤਾਨ ਸਰਹੱਦ 'ਤੇ ਸ਼ਾਹਪੁਰ ਬੀ.ਐੱਸ.ਐੱਫ਼ ਚੌਕੀ ਨੇੜੇ ਜ਼ੀਰੋ ਲਾਈਨ 'ਤੇ ਪਹੁੰਚ ਕੇ ਕੰਡਿਆਲੀ ਤਾਰ ਤੋਂ ਪ੍ਰਭਾਵਿਤ ਕਿਸਾਨਾਂ ਅਤੇ ਮਜ਼ਦੂਰਾਂ ਨਾਲ ਮੁਲਾਕਾਤ ਕੀਤੀ ਅਤੇ ਕਿਹਾ ਕਿ ਅਜਿਹਾ ਕੋਈ ਮੁੱਦਾ ਨਹੀਂ ਹੈ ਜਿਸ ਦਾ ਹੱਲ ਨਾ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਮੈਂ ਖ਼ੁਦ ਇੱਕ ਕਿਸਾਨ ਪਰਿਵਾਰ ਨਾਲ ਸਬੰਧਿਤ ਹਾਂ ਅਤੇ ਸਰਹੱਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਸਰਹੱਦੀ ਕਿਸਾਨਾਂ ਦੇ ਮਸਲੇ ਜ਼ਰੂਰ ਹੱਲ ਕਰਾਏ ਜਾਣਗੇ। ਸਰਹੱਦੀ ਖੇਤਰ ਦੇ ਕਿਸਾਨਾਂ ਦੇ ਸੱਦੇ 'ਤੇ ਜ਼ੀਰੋ ਲਾਈਨ 'ਤੇ ਆਏ ਤਰਨਜੀਤ ਸਿੰਘ ਸੰਧੂ ਨੇ ਭਾਜਪਾ ਹਲਕਾ ਇੰਚਾਰਜ ਅਤੇ ਓ.ਬੀ.ਸੀ ਮੋਰਚਾ ਦੇ ਪ੍ਰਧਾਨ ਬੋਨੀ ਅਮਰਪਾਲ ਸਿੰਘ ਅਜਨਾਲਾ ਨਾਲ ਸਰਹੱਦੀ ਖੇਤਰ ਦਾ ਮੁਆਇਨਾ ਕੀਤਾ। ਇਸ ਮੌਕੇ ਉਨ੍ਹਾਂ ਪ੍ਰੈੱਸ ਨੂੰ ਦੱਸਿਆ ਕਿ ਤਾਰਾਂ ਤੋਂ ਪਾਰ ਕਿਸਾਨਾਂ ਨੂੰ ਖੇਤੀ ਕਰਨ 'ਚ ਆ ਰਹੀ ਮੁਸ਼ਕਲ ਬਾਰੇ ਪਹਿਲਾਂ ਹੀ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਧਿਆਨ ਵਿਚ ਲਿਆਂਦਾ ਜਾ ਚੁਕਾ ਹੈ। ਉਨ੍ਹਾਂ ਤੋਂ ਇਹ ਮਸਲਾ ਹੱਲ ਕਰਵਾਇਆ ਜਾ ਚੁਕਾ ਹੈ ਅਤੇ ਹੁਣ ਜ਼ੀਰੋ ਲਾਈਨ 'ਤੇ ਕੰਡਿਆਲੀ ਤਾਰ ਲਾਉਣ ਦਾ ਕੰਮ ਪ੍ਰੋਸੈੱਸ ਅਧੀਨ ਹੈ। ਉਨ੍ਹਾਂ ਯਕੀਨ ਦਿਵਾਉਂਦਿਆਂ ਕਿਹਾ ਕਿ ਬਾਕੀ ਦੇ ਮਸਲੇ ਵੀ ਮਿਲ ਜੁੱਲ ਕੇ ਜ਼ਰੂਰ ਹੱਲ ਕਰਾਏ ਜਾਣਗੇ। ਉਨ੍ਹਾਂ ਕਿਹਾ ਕਿ ਸਰਹੱਦ ਦੇ ਰਹਿਣ ਵਾਲੇ ਗ.ਰੀਬ ਕਿਸਾਨ ਤੇ ਮਜ਼ਦੂਰ ਬਹੁਤ ਸਾਊ ਤੇ ਸ਼ਰੀਫ਼ ਲੋਕ ਹਨ। ਇਨ੍ਹਾਂ ਦੀਆਂ ਮੁਸ਼ਕਲਾਂ ਹੱਲ ਹੋਣ ਯੋਗ ਹਨ ਅਤੇ ਉਨ੍ਹਾਂ ਦਾ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਣਾ ਚਾਹੀਦਾ ਸੀ। ਪਰ ਚੁਣੇ ਹੋਏ ਲੋਕ ਨੁਮਾਇੰਦਿਆਂ ਨੇ ਇਸ ਵਲ ਧਿਆਨ ਹੀ ਨਹੀਂ ਦਿੱਤਾ। ਜ਼ੀਰੋ ਲਾਈਨ 'ਤੇ ਆਉਣ 'ਤੇ ਸਥਾਨਕ ਕਿਸਾਨਾਂ ਵੱਲੋਂ ਉਨ੍ਹਾਂ ਦਾ ਫੁੱਲਾਂ ਦੀ ਵਰਖਾ ਕਰਦਿਆਂ ਸਵਾਗਤ ਕਰਨ ਬਾਰੇ ਪੁੱਛੇ ਜਾਣ 'ਤੇ ਸ. ਸੰਧੂ ਸਮੁੰਦਰੀ ਨੇ ਕਿਹਾ ਕਿ ਮੈਂ ਖ਼ੁਦ ਕਿਸਾਨ ਪਰਿਵਾਰ 'ਚੋਂ ਹਾਂ ਅਤੇ ਇਨ੍ਹਾਂ ਕਿਸਾਨਾਂ ਨੇ ਫੁੱਲ ਸੁੱਟ ਕੇ ਸਨੇਹ ਦਾ ਪ੍ਰਗਟਾਵਾ ਕੀਤਾ ਹੈ। ਇਕ ਅੱਧੀ ਕਿਸਾਨ ਯੂਨੀਅਨ ਵਾਲੇ ਜੋ ਉਨ੍ਹਾਂ 'ਤੇ ਪੱਥਰ ਸੁੱਟਣ ਦੀ ਸੋਚ ਰਹੇ ਹਨ ਉਹ ਅਸਲ ਵਿਚ ਕਿਸਾਨ ਹਿਤੈਸ਼ੀ ਬਿਲਕੁਲ ਨਹੀਂ ਹਨ, ਉਹ ਕਿਸਾਨਾਂ ਦੇ ਨਾਮ 'ਤੇ ਸੌੜੀ ਸਿਆਸਤ ਕਰ ਰਹੇ ਹਨ। ਕਿਉਂਕਿ ਉਹ ਹਮੇਸ਼ਾਂ ਕਿਸਾਨਾਂ ਦੀ ਆਮਦਨ ਵਧਾਉਣ ਦੀ ਵਕਾਲਤ ਅਤੇ ਕੰਮ ਕਰ ਰਹੇ ਹਨ। ਕਿਸਾਨ ਯੂਨੀਅਨ ਵਾਲੇ ਉਸ ਬਾਰੇ ਕੁਝ ਵੀ ਕਹਿਣ, ਮੈਂ ਉਨ੍ਹਾਂ 'ਤੇ ਫੁੱਲ ਸੁੱਟਣਾ ਹੀ ਪਸੰਦ ਕਰਾਂਗਾ। ਪਰ ਮੈਂ ਆਪਣੇ ਭਰਾਵਾਂ ਭੈਣਾਂ ਨੂੰ ਸਮਝਿਆ ਹੈ। ਮੇਰੀ ਲੜਾਈ ਕਿਸੇ ਨਾਲ ਨਹੀਂ, ਪਰ ਕਿਸਾਨਾਂ ਦੀ ਆਮਦਨੀ ਵਧੇ ਇਹ ਮੇਰਾ ਲਕਸ਼ ਹੈ।ਉਨ੍ਹਾਂ ਕਿਹਾ ਕਿ ਮੇਰੇ ਸਾਰੇ ਪ੍ਰਯੋਜਨ ਜ਼ਮੀਨ ਨਾਲ ਜੁੜੇ ਹੋਏ ਹਨ। ਮੈਂ ਖੇਤੀ, ਸਨਅਤ, ਵਪਾਰ ਅਤੇ ਟੂਰਿਜ਼ਮ ਬਾਰੇ ਗੱਲਾਂ ਕੀਤੀਆਂ।ਕੋਈ ਇਸ ਬਾਰੇ ਵਿਚਾਰ ਕਰਨਾ ਚਾਹੇ ਤਾਂ ਉਸ ਦਾ ਸਵਾਗਤ ਕਰਾਂਗਾ। ਇਕ ਦੂਜੇ 'ਤੇ ਚਿੱਕੜ ਚੁੱਟਣਾ ਦੀ ਭੈੜੀ ਰਾਜਨੀਤੀ ਖ਼ਤਮ ਹੋਣੀ ਚਾਹੀਦੀ ਹੈ।ਕੋਈ ਅਹਿਸਾਸ ਕਰੇ ਤਾਂ ਸਾਡੀਆਂ ਬਹੁਤ ਵੱਡੀਆਂ ਜ਼ਿੰਮੇਵਾਰੀਆਂ ਹਨ। ਗੁਰੂ ਨਗਰੀ ਅੰਮ੍ਰਿਤਸਰ ਅਤੇ ਸਰਹੱਦੀ ਕਿਸਾਨਾਂ ਮਜ਼ਦੂਰਾਂ ਦੇ ਮਸਲੇ ਹੱਲ ਕੀਤੇ ਜਾਣੇ ਜ਼ਰੂਰੀ ਹਨ। ਸੁਖਬੀਰ ਬਾਦਲ ਵੱਲੋਂ ਭਾਜਪਾ 'ਚ ਜਾਣ ਵਾਲੇ ਸਿੱਖਾਂ ਪ੍ਰਤੀ ਕੀਤੀ ਗਈ ਟਿੱਪਣੀ 'ਤੇ ਉਨ੍ਹਾਂ ਕਿਹਾ ਕਿ ਸਰਹੱਦੀ ਇਲਾਕੇ ਨੂੰ ਸਿਹਤ ਸਹੂਲਤਾਂ ਅਤੇ ਹਸਪਤਾਲਾਂ ਦੀ ਜ਼ਰੂਰਤ ਹੈ, ਉਹ ਇਥੇ ਇਹ ਸਹੂਲਤਾਂ ਮੁਹੱਈਆ ਕਰਾ ਦੇਣ ਅਤੇ ਕਿਸੇ ਦਾ ਵੀ ਮੈਡੀਕਲ ਟੈੱਸਟ ਕਰਾ ਲੈਣ। ਕਾਂਗਰਸ ਵੱਲੋਂ ਉਮੀਦਵਾਰ ਐਲਾਨਣ 'ਚ ਦੇਰੀ ਬਾਰੇ ਪੁੱਛੇ ਜਾਣ 'ਤੇ ਸ. ਸੰਧੂ ਨੇ ਕਿਹਾ ਕਿ ਜਿਹੜਾ ਲੋਕਾਂ ਨੇ ਚੁਣਿਆ ਉਸ ਨੇ ਸਤ ਸਾਲਾਂ ਵਿਚ ਕਿਹੜਾ ਕੋਈ ਮਸਲਾ ਹੱਲ ਕਰਵਾਇਆ? ਅੰਮ੍ਰਿਤਸਰ ਸਮੱਸਿਆਵਾਂ ਨਾਲ ਘਿਰਿਆ ਪਿਆ ਹੈ। ਕਿਸਾਨ ਵੀਰ ਐਡਵੋਕੇਟ ਨਾਨਕ ਸਿੰਘ, ਗੁਰਨਾਮ ਸਿੰਘ ਅਤੇ ਰਤਨ ਸਿੰਘ ਰਾਜਪੂਤ ਡਲ਼ਾ ਵੱਲੋਂ ਸ. ਸੰਧੂ ਕੋਲ ਸਰਹੱਦੀ ਜ਼ਮੀਨਾਂ ਦੇ ਇੰਤਕਾਲਾਂ ਦਾ ਮਾਮਲਾ ਉਠਾਇਆ ਗਿਆ ਤਾਂ ਉਨ੍ਹਾਂ ਕਿਹਾ ਕਿ ਭਾਵੇਂ ਕਿ ਇਹ ਪੰਜਾਬ ਸਰਕਾਰ ਦੇ ਅਧਿਕਾਰ ਖੇਤਰ 'ਚ ਆਉਂਦਾ ਹੈ ਫਿਰ ਵੀ ਉਹ ਕਿਸਾਨਾਂ ਦੇ ਮਸਲੇ ਪਹਿਲ ਦੇ ਅਧਾਰ 'ਤੇ ਹੱਲ ਕਰਾਉਣ ਲਈ ਯਤਨਸ਼ੀਲ ਹਨ। ਉਨ੍ਹਾਂ ਕਿਸਾਨਾਂ ਮਜ਼ਦੂਰਾਂ ਨੂੰ ਆਪਣੇ ਬਚਿਆਂ ਨੂੰ ਚੰਗੀ ਅਤੇ ਕਿੱਤਾਮੁਖੀ ਸਿੱਖਿਆ ਦੇਣ ਦੀ ਅਪੀਲ ਕੀਤੀ। ਉਨ੍ਹਾਂ ਸਰਹੱਦੀ ਚੌਕੀ ਦੇ ਬੀ ਐਸ ਐੱਫ਼ ਅਧਿਕਾਰੀਆਂ ਨਾਲ ਵੀ ਗੱਲਬਾਤ ਕੀਤੀ ਅਤੇ ਉਨ੍ਹਾਂ ਨੂੰ ਵਿਸਾਖੀ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ। ਇਸ ਮੌਕੇ ਕਿਸਾਨਾਂ ਨੇ ਕਿਹਾ ਕਿ ਚੁਣੇ ਹੋਏ ਕਿਸੇ ਵੀ ਲੋਕ ਪ੍ਰਤੀਨਿਧ ਨੇ ਸਾਡੀ ਸਾਰ ਨਹੀਂ ਲਈ ਹੈ। ਉਨ੍ਹਾਂ ਸ. ਸੰਧੂ ਨੂੰ ਪੂਰਨ ਸਮਰਥਨ ਦੇਣ ਦਾ ਭਰੋਸਾ ਦਿੱਤਾ। ਇਸ ਮੌਕੇ ਸ. ਸੰਧੂ ਤੇ ਬੋਨੀ ਅਜਨਾਲਾ ਨਾਲ ਰਾਜਬੀਰ ਸ਼ਰਮਾ, ਰਾਮ ਸ਼ਰਨ ਪ੍ਰਾਸ਼ਰ, ਪ੍ਰੋ. ਸਰਚਾਂਦ ਸਿੰਘ ਖਿਆਲਾ, ਬਲਵਿੰਦਰ ਸਿੰਘ , ਸਵਰਨ ਸਿੰਘ, ਸੁਖਦੇਵ ਸਿੰਘ ਤੇ ਮੁਖਤਾਰ ਸਿੰਘ ਆਦਿ ਮੌਜੂਦ ਸਨ।



## ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ

# ਵਿਸਾਖੀ ਦਾ ਤਿਉਹਾਰ ਬਲਾਈਡ ਹੋਮ ਵਿਖੇ ਮਨਾਇਆ

**ਫ਼ਿਰੋਜ਼ਪੁਰ, 13 ਅਪ੍ਰੈਲ (ਮਨੋਹਰ ਲਾਲ)**:— ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਨੇ ਵਿਸਾਖੀ ਦਾ ਤਿਉਹਾਰ ਬਲਾਈਡ ਹੋਮ ਮਖੂ ਗੇਟ ਫ਼ਿਰੋਜ਼ਪੁਰ ਸ਼ਹਿਰ ਵਿਖੇ ਮਨਾਇਆ। ਇਸ ਮੌਕੇ ਤੇ ਮੁੱਖ ਮਹਿਮਾਨ ਵਜੋਂ ਡਾ: ਸੁਨੀਤਾ ਰੰਗ ਬੁਲਾ ਪ੍ਰਿੰਸੀਪਲ ਦੇਵ ਸਮਾਜ ਸਕੂਲ ਨੇ ਆਪਣੇ ਕਰ ਕਮਲਾਂ ਨਾਲ ਰਿਬਿਨ ਕੱਟਿਆ। ਇਸ ਮੌਕੇ ਤੇ ਡਾ: ਰਜਿੰਦਰ ਗਿਰਧਰ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਸਮਾਗਮ ਵਿਚ ਆਪਣੇ ਵਿਚਾਰ ਰੱਖਦਿਆਂ ਪ੍ਰਿੰਸੀਪਲ ਦੇਵ ਸਮਾਜ ਸਕੂਲ ਨੇ ਕਿਹਾ ਕਿ ਅੱਜ ਮੈਨੂੰ ਬਹੁਤ ਖ਼ੁਸ਼ੀ ਹੋ ਰਹੀ ਹੈ ਕਿ ਮੈਂ ਆਪ ਜੀ ਦੀ ਸਟਰੀਮ ਲਾਈਨ ਵੈਲਫੇਅਰ ਸੁਸਾਇਟੀ ਵਿਚ ਆਈ ਹਾਂ, ਜੋ ਕਿ ਇਹ ਸੁਸਾਇਟੀ ਹਮੇਸ਼ਾ ਲੋਕ ਭਲਾਈ ਦੇ ਕੰਮ ਕਰਦੀ ਆ ਰਹੀ ਹੈ ਅਤੇ ਇਹ ਸੁਸਾਇਟੀ ਸਮੇਂ—ਸਮੇਂ ਤੇ ਕੈਂਪ ਲਾਉਣੇ ਜਿਵੇਂ ਸ਼ੁਗਰ ਦੇ ਮਰੀਜਾਂ ਦਾ ਚੈਕਅਪ ਕੈਂਪ, ਸਕੂਲਾਂ ਵਿਚ ਬੱਚਿਆਂ ਨੂੰ ਕਿਤਾਬਾਂ ਆਦਿ ਵੰਡਣੀਆਂ ਅਤੇ ਹੋਰ ਵੀ ਬਹੁਤ ਸਾਰੇ ਲੋਕ ਭਲਾਈ ਦੇ ਕੰਮ ਕਰਦੀ ਆ ਰਹੀ ਹੈ। ਇਸ ਮੌਕੇ ਤੇ ਡਾ: ਰਜਿੰਦਰ ਗਿਰਧਰ ਨੇ ਬੋਲਦਿਆਂ ਕਿਹਾ ਕਿ ਭਾਵੇਂ ਇਹ ਸੁਸਾਇਟੀ ਦੇ ਮੈਂਬਰ ਘੱਟ ਹਨ, ਪਰ ਇਹ ਬਹੁਤ ਹੀ ਵਧੀਆ ਕੰਮ ਕਰਦੇ ਹਨ, ਅਸੀਂ ਪ੍ਰਮਾਤਮਾ ਦੇ ਚਰਨਾਂ ਵਿਚ ਅਰਦਾਸ ਬੇਨਤੀ ਕਰਦੇ ਹਾਂ ਕਿ ਇਹ ਸੁਸਾਇਟੀ ਦਿਨ ਦੁਗਣੀ, ਰਾਤ ਚੌਗਣੀ ਤਰੱਕੀ ਕਰੇ। ਇਸ ਮੌਕੇ ਤੇ ਡਾ: ਦੀਵਾਨ ਚੰਦ ਸੁਖੀਜਾ ਚੇਅਰਮੈਨ ਨੇ ਕਿਹਾ ਕਿ ਸਾਨੂੰ ਬਹੁਤ ਖ਼ੁਸ਼ੀ ਹੋਈ ਹੈ ਕਿ ਸਾਡੇ ਛੋਟੇ ਜਿਹੇ ਸੱਦੇ ਤੇ ਡਾ: ਸੁਨੀਤਾ ਰੰਗ ਬੁਲਾ ਨੇ ਆਪਣਾ ਕੀਮਤੀ ਸਮਾਂ ਕੱਢ ਕੇ ਹਾਜ਼ਰੀ ਭਰੀ। ਇਸ ਮੌਕੇ ਤੇ ਕਿਸ਼ਨ ਚੰਦ ਜਾਗੋਵਾਲੀਆ ਪ੍ਰਧਾਨ ਨੇ ਬੋਲਦਿਆਂ ਸਭ ਤੋਂ ਪਹਿਲਾਂ ਸਮੂਹ ਸੁਸਾਇਟੀ ਮੈਂਬਰਾਂ, ਅਹੁਦੇਦਾਰਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਸਾਨੂੰ ਇਹੋ ਜਿਹੇ ਤਿਉਹਾਰ ਰਲ ਕੇ ਮਨਾਉਣੇ ਚਾਹੀਦੇ ਹਨ ਤਾਂ ਜੋ ਸਾਡੇ ਵਿਚ ਇਕ ਦੂਜੇ ਪ੍ਰਤੀ ਪਿਆਰ ਵਧੇ। ਇਸ ਮੌਕੇ ਤੇ ਡਾ: ਸੁਨੀਤਾ ਰੰਗਬੁਲਾ ਪ੍ਰਿੰਸੀਪਲ ਦੇਵ ਸਮਾਜ ਸਕੂਲ, ਡਾ: ਦੀਵਾਨ ਚੰਦ ਸੁਖੀਜਾ ਚੇਅਰਮੈਨ, ਕਿਸ਼ਨ ਚੰਦ ਜਾਗੋਵਾਲੀਆ ਪ੍ਰਧਾਨ, ਅਸ਼ੋਕ ਚੁੱਘ ਸੀਨੀਅਰ ਵਾਈਸ ਪ੍ਰਧਾਨ, ਰਾਮ ਕਿਸ਼ੋਰ ਕੋਆਰਡੀਨੇਟਰ, ਰਮੇਸ਼ ਬਜਾਜ ਵਾਈਸ ਪ੍ਰਧਾਨ, ਯਸ਼ਪਾਲ, ਵਿਜੈ ਅਰੋੜਾ ਆਦਿ ਮੈਂਬਰ ਅਤੇ ਅਹੁਦੇਦਾਰ ਹਾਜ਼ਰ ਸਨ। ਇਸ ਮੌਕੇ ਤੇ ਜਲੇਬੀਆਂ, ਪਨੀਰ ਪਕੌੜੇ ਅਤੇ ਚਾਹ ਦਾ ਲੰਗਰ ਲਾਇਆ ਗਿਆ।



# ਖਾਲਸੇ ਦੇ ਸਾਜਨਾ ਦਿਵਸ ਮੌਕੇ ਖਾਲਸਾ ਪਾਈਪ ਸਟੋਰ ਵੱਲੋਂ ਲਗਾਇਆ ਚਾਹ ਪਕੌੜਿਆਂ ਦਾ ਲੰਗਰ




**ਚੌਂਕ ਮਹਿਤਾ, 13 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਖ਼ਾਲਸੇ ਦੇ ਸਾਜਨਾ ਦਿਵਸ ਮੌਕੇ ਨੈਸ਼ਨਲ ਹਾਈਵੇ ਜੀ ਟੀ ਰੋਡ ਅੱਡਾ ਮਾਨਾ ਵਾਲਾ ਕਲਾ ਨਜਦੀਕ ਪੈਟਰੋਲ ਪੰਪ ਵਿਖੇ ਖਾਲਸਾ ਪਾਈਪ ਸਟੋਰ ਵੱਲੋਂ ਪੂਰਾ ਦਿਨ ਚਾਹ ਪਕੌੜਿਆਂ ਦਾ ਲੰਗਰ ਲਗਾਇਆ ਗਿਆ ਇਸ ਮੌਕੇ ਖਾਲਸਾ ਪਾਈਪ ਸਟੋਰ ਦੇ ਮਾਲਕ ਸਕੱਤਰ ਸਿੰਘ ਨੇ ਦੱਸਿਆ ਕਿ ਅੱਜ ਦੇ ਦਿਨ ਸਾਡੇ ਸਿੱਖ ਕੌਮ ਦੇ ਸਰਤਾਜ ਅਜ਼ੀਜ਼ ਸ਼੍ਰੀ ਕਲਗੀਧਰ ਪਾਤਸ਼ਾਹ ਜੀ ਵਲੋ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾਕੇ ਅਤੇ ਖੁਦ ਉਹਨਾਂ ਕੋਲੋਂ ਖੰਡੇ ਬਾਟੇ ਦੀ ਪਾਹੁਲ ਛਕਕੇ ਖ਼ਾਲਸੇ ਦੀ ਸਿਰਜਣਾ ਕੀਤੀ ਗਈ ਸੀ ਜ਼ੋ ਅੱਜ ਬਹੁਤ ਹੀ ਵਡਭਾਗਾ ਦਿਨ ਹੈ ਜਿਸ ਦੇ ਸਬੰਧ ਵਿੱਚ ਸਾਡੇ ਵਰਕਰ ਸੇਵਾਦਾਰਾਂ ਵੱਲੋਂ ਚਾਹ ਪਕੌੜਿਆਂ ਦਾ ਲੰਗਰ ਲਗਾ ਕੇ ਸਾਜਣਾ ਦਿਵਸ ਨੂੰ ਯਾਦ ਕੀਤਾ ਗਿਆ ਹੈ ਉਹਨਾਂ ਕਿਹਾ ਕਿ ਹਰੇਕ ਸਿੱਖ ਨੂੰ ਆਪਣੀ ਕੌਮ ਪ੍ਰਤੀ ਪਹਿਚਾਣ ਬਣਾਉਣ ਲਈ ਖੰਡੇ ਬਾਟੇ ਦੀ ਪਾਹੁਲ ਸ਼ੱਕ ਕੇ ਗੁਰੂ ਸਾਹਿਬ ਵਾਲੇ ਬਣਨਾ ਚਾਹੀਦਾ ਹੈ ਕਿਉਂਕਿ ਸਿੱਖੀ ਖਾਤਰ ਬੜੇ ਹੀ ਕੌਮ ਦੇ ਸੂਰਬੀਰ ਯੋਧਿਆ ਵੱਲੋਂ ਸ਼੍ਰੀ ਅਨੰਦਪੁਰ ਸਾਹਿਬ ਦੀ ਪਵਿੱਤਰ ਧਰਤੀ ਉਤੇ ਆਪਣੇ ਖ਼ੂਨ ਦਾ ਕਤਰਾ ਕਤਰਾ ਵਹਾਇਆ ਗਿਆ ਕਈ ਜੰਗਾ ਫਤਿਹ ਕੀਤੀਆ ਗਈਆ ਤਾਂ ਕਿਤੇ ਜਾ ਕੇ ਪੰਜ ਤੱਤਾ ਵਾਲ਼ੀ ਸਾਬਤ ਸੂਰਤ ਪਹਿਚਾਣ ਦੇਖਣ ਨੂੰ ਮਿਲੀ ਸੀ। ਇਸ ਮੌਕੇ ਸੇਵਾਦਾਰ ਸੁਲੱਖਣ ਸਿੰਘ, ਸਿਮਰਨਜੀਤ ਸਿੰਘ,ਯਾਦਵਿੰਦਰ ਸਿੰਘ, ਧਰਮਪਾਲ ਸਿੰਘ ,ਜੁਗਰਾਜ ਸਿੰਘ, ਅੱਡਾ ਮਾਰਕੀਟ ਦੇ ਦਫਤਰੀ ਸਕੱਤਰ ਸਤਪਾਲ ਸਿੰਘ ਵਸੀਕਾ ਆਦਿ ਸੇਵਾਦਾਰਾਂ ਵਲੋਂ ਸੇਵਾ ਨਿਭਾਈ ਗਈ।

# ਖਾਲਸਾ ਸਾਜਨਾ ਦਿਵਸ ਮੌਕੇ ਲਗਾਇਆ ਦਸਤਾਰ ਸਿਖਲਾਈ ਕੈਂਪ





**ਚੌਂਕ ਮਹਿਤਾ, 13 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਦ ਸਿੱਖ ਹੋਪ ਚੈਰੀਟੇਬਲ ਟਰੱਸਟ ਚੰਡੀਗੜ੍ਹ ਵਲੋ ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਗੁਰਦਆਰਾ ਸ੍ਰੀ ਅੰਬ ਸਾਹਿਬ ਮੋਹਾਲੀ ਫੇਜ 8 ਵਿਖੇ ਦਸਤਾਰ ਸਿਖਲਾਈ ਕੈਂਪ ਲਗਾਇਆ ਗਿਆ ਇਸ ਮੌਕੇ ਜਾਣਕਾਰੀ ਦਿੰਦਿਆ ਸ੍ਰ ਡੀ ਪੀ ਸਿੰਘ ਸਾਬਕਾ ਸੀ ਈ ਓ ਸ੍ਰੀ ਹਜ਼ੂਰ ਸਾਹਿਬ, ਸਾਬਕਾ ਡੀ ਜੀ ਐਮ ਪੰਜਾਬ ਐਂਡ ਸਿੰਧ ਬੈਂਕ,ਇੰਚਾਰਜ ਤੇਰਾ ਹੀ ਤੇਰਾ ਮੈਡੀਕੋਜ਼ ਸੈਕਟਰ 32 ਨੇ ਦੱਸਿਆ ਕਿ ਇਸ ਮੌਕੇ ਗੁਰਸਿੱਖ ਵੀਰਾਂ ਨੂੰ ਦਸਤਾਰਾਂ ਭੇਟਾ ਰਹਿਤ ਦਿੱਤੀਆ ਗਈਆਂ ਇਸ ਮੌਕੇ ਸ੍ਰ,ਜੀ ਪੀ ਸਿੰਘ ਪ੍ਰਧਾਨ ਦ ਸਿੱਖ ਹੋਪ ਚੈਰੀਟੇਬਲ ਟਰੱਸਟ ਵਿਸ਼ੇਸ਼ ਤੌਰ ਤੇ ਦਸਤਾਰ ਸਿਖਲਾਈ ਕੈਂਪ ਵਿੱਚ ਹਾਜ਼ਰ ਹੋਏ ਅਤੇ ਸਮੂਹ ਸੰਗਤਾਂ ਨੂੰ ਖਾਲਸਾ ਸਾਜਨਾ ਦਿਵਸ ਮੌਕੇ ਵਧਾਈ ਦਿੱਤੀ ਇਸ ਮੌਕੇ ਸ੍ਰੀ ਮਤੀ ਮਨਜੀਤ ਕੌਰ, ਸ੍ਰ. ਕੁਲਦੀਪ ਸਿੰਘ, ਸ੍ਰ. ਤੇਜਦੀਪ ਸਿੰਘ ਮੈਨੇਜਰ ਗੁਰਦਆਰਾ ਸ੍ਰੀ ਅੰਬ ਸਾਹਿਬ ਅਤੇ ਹੋਰ ਹਾਜ਼ਰ ਸਨ।

### ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ

# ਵਿਸਾਖੀ ਦੀ ਸੰਗਰਾਂਦ ਅਤੇ ਵਿਸਾਖੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ






ਫ਼ਿਰੋਜ਼ਪੁਰ, 13 ਅਪ੍ਰੈਲ (ਮਨੋਹਰ ਲਾਲ) :— ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਵਿਸਾਖੀ ਦੀ ਸੰਗਰਾਂਦ ਅਤੇ ਵਿਸਾਖੀ ਦਾ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਕੀਰਤਨ ਦਰਬਾਰ ਸਜਾਏ ਗਏ, ਜਿਸ ਵਿਚ ਰਾਗੀ ਅਤੇ ਢਾਡੀ ਜਥਿਆਂ ਵੱਲੋਂ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਖਾਲਸੇ ਦੇ ਜਨਮ ਦਿਹਾੜੇ ਤੇ ਵਿਸਥਾਰ ਪੂਰਵਕ ਚਾਨਣਾ ਪਾਇਆ। ਇਸ ਮੌਕੇ ਤੇ ਭਾਈ ਗੁਰਮੇਲ ਸਿੰਘ ਅਰਜਨ, ਭਾਈ ਹਰਨਾਮ ਸਿੰਘ, ਭਾਈ ਚੰਨ ਸਿੰਘ, ਭਾਈ ਜ਼ੋਗਾ ਸਿੰਘ, ਭਾਈ ਸੁਖਦੇਵ ਸਿੰਘ ਸੁਖਾ, ਭਾਈ ਰਮਨਦੀਪ ਸਿੰਘ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਰਾਗੀ ਜਥਿਆਂ ਨੇ ਹਾਜ਼ਰੀ ਭਰੀ। ਇਸ ਮੌਕੇ ਤੇ ਢਾਡੀ ਜਥਾ ਬੋਹੜ ਸਿੰਘ ਬਾਰੇ ਕੇ ਨੇ ਵੀ ਆਪਣੀ ਹਾਜ਼ਰੀ ਲੁਆਈ। ਇਸ ਮੌਕੇ ਤੇ ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਸੁੱਚਾ ਸਿੰਘ ਜੀ ਨੇ ਕਥਾ ਕਰਦਿਆਂ ਆਖਿਆ ਕਿ ਗੁਰੂ ਸਾਹਿਬ ਜੀ ਨੇ ਸਾਨੂੰ ਸਮਝਾਉਣਾ ਕੀਤਾ ਹੈ ਕਿ ਸਾਨੂੰ ਧਿਆਨ, ਗਿਆਨ ਤੇ ਸਿਮਰਨ ਬਾਰੇ ਕਿਹਾ ਕਿ ਸਾਡਾ ਧਿਆਨ ਕਛੂ ਕਮੀ ਵਰਗਾ ਹੋਣਾ ਚਾਹੀਦਾ ਹੈ ਅਤੇ ਗਿਆਨ ਕੋਇਲ ਦੇ ਬਚਿਆਂ ਵਾਂਗ ਹੋਣਾ ਚਾਹੀਦਾ ਹੈ ਅਤੇ ਸਿਮਰਨ ਕੂੰਜ ਵਰਗਾ ਹੋਣਾ ਚਾਹੀਦਾ ਹੈ, ਭਾਵੇ. ਕੁਛ ਕੁਮੀ ਰੇਤਾ ਵਿਚ ਅੰਡੇ ਦਿੰਦੀ ਹੈ ਅਤੇ ਉਸ ਦਾ ਧਿਆਨ ਬੱਚਿਆਂ ਵਿਚ ਹੁੰਦਾ ਹੈ ਅਤੇ ਜਦੋਂ ਬੱਚੇ ਨਿਕਲ ਜਾਂਦੇ ਹਨ ਤਾਂ ਉਹ ਲੈ ਕੇ ਸਮੁੰਦਰ ਵਿਚ ਚਲੀ ਜਾਂਦੀ ਹੈ। ਇਸੇ ਤਰ੍ਹਾਂ ਗਿਆਨ ਕੋਇਲ ਵਾਂਗੂ ਹੋਣਾ ਚਾਹੀਦਾ ਹੈ, ਜਦੋਂ ਉਹ ਆਪਣੇ ਆਡਿਆਂ ਨੂੰ ਕਾਉਣੀ ਦੇ ਆਲਣੇ ਵਿਚ ਰੱਖ ਦਿੰਦੀ ਹੈ ਅਤੇ ਕਾਉਣੀ ਦੇ ਆਡਿਆਂ ਨੂੰ ਉਹ ਥੱਲੇ ਸੁੱਟ ਦਿੰਦੀ ਹੈ ਅਤੇ ਕਾਉਣੀ ਆਪਣੇ ਆਂਡੇ ਸਮਝ ਕੇ ਉਨ੍ਹਾਂ ਨੂੰ ਪਾਲਦੀ ਹੈ ਅਤੇ ਜਦੋਂ ਬੱਚੇ ਵੱਡੇ ਹੋ ਜਾਂਦੇ ਹਨ ਤਾਂ ਕੋਇਲ ਬੋਲਦੀ ਹੈ, ਉਸ ਦੇ ਬੱਚੇ ਸਮਝ ਲੈਂਦੇ ਹਨ ਕਿ ਇਹ ਸਾਡੀ ਮਾਂ ਹੈ ਅਤੇ ਸਾਨੂੰ ਕੂੰਜ ਵਰਗਾ ਹੋਣਾ ਚਾਹੀਦਾ ਹੈ, ਭਾਵੇਂ 100 ਕੋਹ ਤੇ ਬੈਠੀ ਵੀ ਆਪਣੇ ਬੱਚਿਆਂ ਲਈ ਸਿਮਰਨ ਕਰਦੀ ਹੈ, ਇਸੇ ਤਰ੍ਹਾਂ ਸਿੱਖ ਨੂੰ ਵੱਧ ਤੋਂ ਵੱਧ ਸਿਮਰਨ ਕਰਨਾ ਚਾਹੀਦਾ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿ ਸਾਨੂੰ ਵੱਧ ਤੋਂ ਵੱਧ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੋ, ਭਾਵ ਜੇਕਰ ਸਿੱਖ ਅੰਮ੍ਰਿਤ ਛਕ ਲੈਂਦਾ ਹੈ ਤਾਂ ਉਸ ਦੀ ਗੁਰੂ ਸਾਹਿਬ 10 ਹਜ਼ਾਰ ਸਾਲ ਰੱਖਿਆ ਕਰਦਾ ਹੈ ਅਤੇ ਸਿੱਖ 84 ਲੱਖ ਜੂਨਾਂ ਤੋਂ ਮੁਕਤ ਹੋ ਜਾਂਦਾ ਹੈ, ਭਾਵੇਂ ਅੰਮ੍ਰਿਤ ਛਕਣ ਨਾਲ ਤੁਹਾਨੂੰ ਬਹੁਤ ਵੱਡਾ ਫਲ ਮਿਲਦਾ ਹੈ। ਬਾਬਾ ਜੀ ਨੇ ਅੱਗੇ ਕਿਹਾ ਕਿ ਕਲਯੁੱਗ ਵਿਚ ਧੰਨ—ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਅਵਤਾਰ ਲਿਆ ਅਤੇ 10 ਜਾਮੇ ਵਿਚ ਰਹੇ, ਸਾਨੂੰ ਉਨ੍ਹਾਂ ਦੇ ਦਰਸਾਏ ਹੋਏ ਮਾਰਗ ਤੇ ਚੱਲ ਕੇ ਆਪਣਾ ਜੀਵਨ ਸਫਲ ਬਣਾਉ। ਉਨ੍ਹਾਂ ਦਾ ਉਪਦੇਸ਼ ਸੀ ਨਾਮ ਜਪੋ, ਕੀਰਤ ਕਰੋ, ਵੰਡ ਛਕੋ ਦੇ ਉਪਦੇਸ਼ ਤੇ ਚਲਣਾ ਚਾਹੀਦਾ ਹੈ। ਇਸ ਮੌਕੇ ਤੇ ਬਹੁਤ ਭਾਰੀ ਅੰਮ੍ਰਿਤ ਸੰਚਾਰ ਕਰਵਾਇਆ ਗਿਆ, ਜਿਸ ਵਿਚ ਅਨੇਕਾਂ ਪ੍ਰਾਣੀਆਂ ਨੇ ਖੰਡੇ ਬਾਟੇ ਦੀ ਪ੍ਰਾਹੁਲ ਛਕ ਗੁਰੂ ਦੇ ਜਹਾਜ ਤੇ ਚੜੇ। ਗੁਰਦੁਆਰਾ ਠਾਠ ਨਾਨਕਸਰ ਛਾਂਗਾ ਖੁਰਦ ਵਿਖੇ ਬਾਬਾ ਜੀ ਦੇ ਸੇਵਾਦਾਰ ਭਾਈ ਲੱਖਾ ਸਿੰਘ, ਭਾਈ ਜ਼ਸਵੀਰ ਸਿੰਘ ਜ਼ਸੂ ਨੇ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

### ਪੰਜਾਬ ਨੈਸ਼ਨਲ ਬੈਂਕ ਨੇ

# 130ਵੇਂ ਸਥਾਪਨਾ ਦਿਵਸ ’ਤੇ ਕੱਟਿਆ ਕੇਕ

ਫ਼ਿਰੋਜ਼ਪੁਰ, 13 ਅਪ੍ਰੈਲ (ਮਨੋਹਰ ਲਾਲ) :— ਪੰਜਾਬ ਨੈਸ਼ਨਲ ਬੈਂਕ ਨੇ ਆਪਣਾ 130ਵਾਂ ਸਥਾਪਨਾ ਦਿਵਸ ਕੇਕ ਕੱਟ ਕੇ ਮਨਾਇਆ। ਇਸ ਮੌਕੇ ਬੈਂਕ ਬਰਾਂਚ ਨਜਦੀਕ ਸੰਨੀ ਮੰਦਿਰ ਦੀ ਪੂਰੀ ਟੀਮ ਨੇ ਇਕ—ਦੂਜੇ ਨੂੰ ਵਧਾਈਆਂ ਦਿੰਦਿਆਂ ਬੈਂਕ ਗ੍ਰਾਹਕਾਂ ਦੀ ਸਰਾਹਨਾ ਕੀਤੀ। ਪੰਜਾਬ ਨੈਸ਼ਨਲ ਬੈਂਕ ਵੱਲੋਂ ਬਰਾਂਚ ਵਿਚ ਕੇਕ ਕੱਟਣ ਦੀ ਰਸਮ ਸਮੂਹ ਸਟਾਫ ਵੱਲੋਂ ਕੀਤੀ ਗਈ, ਜਿਸ ਉਪਰੰਤ ਸਭਨਾਂ ਦਾ ਮੂੰਹ ਮਿੱਠਾ ਕਰਵਾਇਆ ਗਿਆ ਅਤੇ ਬੈਂਕ ਵਿਚ ਆਉਂਦੇ ਲੋਕਾਂ ਨੂੰ ਹੋਰ ਵਧੀਆ ਤਰੀਕੇ ਨਾਲ ਸੇਵਾਵਾਂ ਦੇਣ ਦਾ ਪ੍ਰਣ ਲਿਆ ਗਿਆ। ਇਸ ਖੁਸ਼ੀ ਦੇ ਮੌਕੇ ਤੇ ਸੀਨੀਅਰ ਮੈਨੇਜਰ ਦੀਪਕ ਕੁਮਾਰ ਨੇ ਰਿਟਾਇਰਡ ਪ੍ਰੋਫੈਸਰ ਲਲਿਤ ਮੋਹਨ ਗੋਇਲ ਸੀਨੀਅਰ ਸਿਟੀਜਨ ਵਿਸ਼ੇਸ਼ ਤੌਰ ਤੇ ਸ਼ਾਮਲ ਹੋਏ, ਜਦੋਂ ਕਿ ਵੱਡੀ ਗਿਣਤੀ ਵਿਚ ਬੈਂਕ ਪ੍ਰਬੰਧਕਾਂ ਦੇ ਸੱਦੇ ਤੇ ਇਲਾਕੇ ਦੇ ਸਮਾਜ ਸੇਵੀਆਂ ਨੇ ਵੀ ਸਮਾਗਮ ਵਿਚ ਸ਼ਿਰਕਤ ਕੀਤੀ। ਇਸ ਮੌਕੇ ਬੋਲਦਿਆਂ ਮੈਨੇਜਰ ਦੀਪਕ ਕੁਮਾਰ ਨੇ ਕਿਹਾ ਕਿ 12 ਅਪ੍ਰੈਲ 1894 ਵਿਚ ਇਸ ਬੈਂਕ ਦੀ ਪਹਿਲੀ ਬਰਾਂਚ ਲਾਹੌਰ (ਪਾਕਿਸਤਾਨ) ਵਿਚ ਖੋਲੀ ਗਈ ਸੀ, ਅੱਜ ਇਸ ਪਹਿਲੇ ਸਵਦੇਸ਼ੀ ਬੈਂਕ ਦੀ ਪੂਰੇ ਭਾਰਤ ਵਿਚ 10,000 ਤੋਂ ਜਿਆਦਾ ਬਰਾਚਾਂ ਹਨ ਅਤੇ ਤਕਰੀਬਨ ਇਕ ਲੱਖ ਤੋਂ ਉਪਰ ਕਰਮਚਾਰੀ ਸੇਵਾਵਾਂ ਨਿਭਾਅ ਰਹੇ ਹਨ। ਬੈਂਕ ਦੀ ਖੁਸ਼ੀ ਵਿਚ ਸ਼ਰੀਕ ਹੁੰਦਿਆਂ ਸਮਾਜ ਸੇਵੀਆਂ ਨੇ ਕਿਹਾ ਕਿ ਸਾਡਾ ਬੈਂਕ ਭਰੋਸੇ ਦਾ ਪ੍ਰਤੀਕ ਹੈ ਅਤੇ ਅਸੀਂ ਆਸ ਕਰਦੇ ਹਾਂ ਕਿ ਜਿਸ ਤਰ੍ਹਾਂ 130 ਸਾਲਾਂ ਤੋਂ ਪੰਜਾਬ ਨੈਸ਼ਨਲ ਬੈਂਕ ਆਪਣੇ ਖਾਤੇਦਾਰਾਂ ਨੂੰ ਹਰ ਤਰ੍ਹਾਂ ਦੀ ਸਰਵਿਸ ਦਿੰਦਾ ਆਇਆ ਹੈ, ਉਸੀ ਤਰ੍ਹਾਂ ਹੀ ਆਪਣੀਆਂ ਚੰਗੀਆਂ ਸੇਵਾਵਾਂ ਨਿਭਾਉਂਦਾ ਰਹੇਗਾ। ਇਸ ਮੌਕੇ ਦੀਪਕ ਕੁਮਾਰ ਸੀਨੀਅਰ ਮੈਨੇਜਰ, ਚਰਣਜੀਤ ਸਿੰਘ ਮੈਨੇਜਰ, ਸੰਜੀਵ ਗਰਗ ਡਿਪਟੀ ਮੈਨੇਜਰ, ਰੁਪਿੰਦਰ ਕੌਰ, ਬਲਜੀਤ ਕੌਰ, ਪ੍ਰਦੀਪ ਕੌਰ, ਬਲਵਿੰਦਰ ਭਾਟੀਆ, ਵਿਕਾਸ ਮਿੱਤਲ, ਕੁਲਬੀਰ ਸਿੰਘ ਖਾਰਾ, ਹਰੀਸ਼ ਗੋਇਲ ਅਤੇ ਗੋਬਿੰਦ ਰਾਮ ਗੋਇਲ ਹਾਜ਼ਰ ਸਨ।



### ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵਿਖੇ

# ਵਿਸਾਖੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ





**ਫ਼ਿਰੋਜ਼ਪੁਰ, 13 ਅਪ੍ਰੈਲ (ਮਨੋਹਰ ਲਾਲ)** :— ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਵਿਖੇ ਵਿਸਾਖੀ ਦਾ ਦਿਹਾੜਾ ਬੜੀ ਸ਼ਰਧਾ ਨਾਲ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਨੇ ਆਪਣੀ ਮਧੁਰ ਬਾਣੀ ਨਾਲ ਸੰਗਤਾਂ ਨੂੰ ਗੁਰੂ ਜ਼ਸ ਸੁਣਾ ਕੇ ਨਿਹਾਲ ਕੀਤਾ। ਇਸ ਮੌਕੇ ਤੇ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ ਦੇ ਮੁੱਖ ਸੇਵਾਦਾਰ ਸ੍ਰੀਮਾਨ ਸੰਤ ਬਾਬਾ ਹਰਭਜਨ ਸਿੰਘ, ਬਾਬਾ ਸਤਿਨਾਮ ਸਿੰਘ ਜੀ ਨੇ ਹੁਕਮਨਾਮੇ ਦੀ ਕਥਾ ਕਰਦਿਆਂ ਆਖਿਆ ਕਿ ਮਨੁੱਖਾ ਜੀਵਨ ਸਾਨੂੰ ਭਾਗਾਂ ਨਾਲ ਮਿਲਿਆ ਹੈ। ਸਾਨੂੰ ਇਹ ਜੀਵਨ ਪਸ਼ੂਆਂ ਵਾਗੂੰ ਖਾ—ਪੀ ਕੇ ਨਹੀਂ ਗੁਆਉਣਾ ਚਾਹੀਦਾ, ਸਾਨੂੰ ਇਸ ਜੀਵਨ ਵਿਚ ਵੱਧ ਤੋਂ ਵੱਧ ਨਾਮ ਜਪਣ, ਵੱਧ ਤੋਂ ਵੱਧ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੋ, ਕਿਉਂਕਿ ਅੰਮ੍ਰਿਤ ਛਕਣ ਨਾਲ ਅਤੇ ਨਾਮ ਜਪਣ ਨਾਲ, ਤੁਹਾਡੇ ਸਾਰੇ ਦੁੱਖ ਦੂਰ ਹੋ ਜਾਣਗੇ ਅਤੇ ਤੁਸੀਂ 84 ਲੱਖ ਜੂਨਾਂ ਤੋਂ ਮੁਕਤੀ ਮਿਲੇਗੀ। ਬਾਬਾ ਜੀ ਨੇ ਸਮੂਹ ਸੰਗਤਾਂ ਨੂੰ ਵਿਸਾਖੀ ਦਿਹਾੜੇ ਦੀਆਂ ਬਹੁਤ ਵਧਾਈ ਦਿੱਤੀ। ਬਾਬਾ ਜੀ ਨੇ 1699 ਦੀ ਵਿਸਾਖੀ ਮੌਕੇ ਧੰਨ—ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਨੇ ਪੰਜ ਪਿਆਰੇ ਬਣਾ ਕੇ ਪਹਿਲਾਂ ਉਨ੍ਹਾਂ ਨੂੰ ਅੰਮ੍ਰਿਤ ਛਕਾਇਆ ਅਤੇ ਬਾਅਦ ਵਿਚ ਉਨ੍ਹਾਂ ਕੋਲੋਂ ਆਪ ਅੰਮ੍ਰਿਤ ਛਕਿਆ। ਇਸ ਲਈ ਸਾਨੂੰ ਅੱਜ ਇਹ ਪ੍ਰਣ ਕਰਨਾ ਚਾਹੀਦਾ ਹੈ ਕਿ ਅਸੀਂ ਅੰਮ੍ਰਿਤਧਾਰੀ ਹੋ ਕੇ ਜੀਵਨ ਬਸਰ ਕਰੀਏ। ਇਸ ਮੌਕੇ ਤੇ ਭਾਈ ਗੁਰਮੁੱਖ ਸਿੰਘ, ਜਥੇਦਾਰ ਗੁਰਮੀਤ ਸਿੰਘ ਮੀਤਾ, ਭਾਈ ਸ਼ੇਰ ਸਿੰਘ ਨੇ ਵੀ ਸੰਗਤਾਂ ਦੀ ਹੱਥੀਂ ਸੇਵਾ ਕੀਤੀ। ਇਸ ਮੌਕੇ ਤੇ ਇਕ ਹੋਮਿਓਪੈਥਿਕ ਕੈਂਪ ਲਾਇਆ ਗਿਆ, ਜਿਸ ਵਿਚ ਮਰੀਜਾਂ ਨੂੰ ਦਵਾਈਆਂ ਦਿੱਤੀਆਂ ਗਈਆਂ। ਇਸ ਮੌਕੇ ਤੇ ਗੁਰੂ ਕਾ ਲੰਗਰ, ਖੀਰ ਦਾ ਲੰਗਰ ਅਤੁੱਟ ਵਰਤਾਇਆ ਗਿਆ।

# ਜਥੇ ਦੇ ਲੀਡਰ ਦਾ ਪਾਕਿ ਸਰਕਾਰ ਨੇ ਕੀਤਾ ਸਵਾਗਤ—ਭੁੱਲਰ




ਫ਼ਿਰੋਜ਼ਪੁਰ, 13 ਅਪ੍ਰੈਲ (ਮਨੋਹਰ ਲਾਲ) :— ਪਾਕਿਸਤਾਨ ਵਿਖੇ ਗੁਰਧਾਮਾਂ ਦੇ ਦਰਸ਼ਨ ਦੀਦਾਰੇ ਕਰਵਾਉਂਦੀ ਆ ਰਹੀ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਦੇ ਜਥੇ ਦੇ ਲੀਡਰ ਦਾ ਪਾਕਿ ਵਿਖੇ ਸਵਾਗਤ ਕਰਨ ਦਾ ਜ਼ਿਕਰ ਕਰਦਿਆਂ ਪ੍ਰਧਾਨ ਹਰਪਾਲ ਸਿੰਘ ਭੁੱਲਰ ਨੇ ਕਿਹਾ ਕਿ ਪਾਕਿਸਤਾਨ ਵਿਖੇ ਭਾਈ ਮਰਦਾਨਾ ਯਾਦਗਾਰੀ ਜਥੇ ਦੇ ਲੀਡਰ ਜਗਜੀਤ ਸਿੰਘ ਭੁੱਲਰ ਨੂੰ ਪਾਕਿ ਵਾਲੇ ਪਾਸੇ ਵਾਹਗਾ ਵਿਖੇ ਪੀ.ਐਸ.ਜੀ.ਪੀ.ਸੀ ਦੇ ਪ੍ਰਧਾਨ ਅਤੇ ਮੰਤਰੀ ਰਮੇਸ਼ ਸਿੰਘ ਅਰੋੜਾ ਨੇ ਕੀਤਾ ਸਵਾਗਤ। ਇਸ ਮੌਕੇ ਪ੍ਰੈਸ ਨਾਲ ਵਾਰਤਾ ਕਰਦਿਆਂ ਮੰਤਰੀ ਰਮੇਸ਼ ਸਿੰਘ ਅਰੋੜਾ ਅਤੇ ਜਗਜੀਤ ਸਿੰਘ ਭੁੱਲਰ ਨੇ ਸੰਬੋਧਨ ਕਰਦਿਆਂ ਸਮੂਹ ਸੰਗਤਾਂ ਨੂੰ ਖਾਲਸਾ ਸਾਜਨਾ ਦਿਵਸ ਉਪਰ ਵਧਾਈ ਦਿੱਤੀ ਅਤੇ ਸ੍ਰੀ ਅਰੋੜਾ ਨੇ ਆਖਿਆ ਕਿ ਪਾਕਿ ਪੰਜਾਬ ਦੀ ਮੁੱਖ ਮੰਤਰੀ ਮਰਿਅਮ ਨਵਾਜ ਸਿੱਖ ਕੌਮ ਨੂੰ ਵਧਾਈ ਦਿੱਤੀ ਅਤੇ ਆਖਿਆ ਕਿ ਪਾਕਿ ਵਿਚ ਹੋਰ ਬੰਧ ਪਏ ਗੁਰਦੁਆਰਾ ਨੂੰ ਖੋਲ੍ਹਣ ਦੀ ਕੋਸ਼ਿਸ਼ ਕਰਾਂਗੇ। ਭਾਈ ਮਰਦਾਨਾ ਜੀ ਦੀ ਗੁਰੂ ਨਾਨਕ ਸਾਹਿਬ ਨਾਲ ਭਰਾਵਾਂ ਵਾਲਾ ਪਿਆਰ ਸੀ, ਇਸ ਸਾਂਝ ਨੂੰ ਕੋਈ ਵੱਖ ਨਹੀਂ ਕਰ ਸਕਦਾ, ਅਸੀਂ ਧੰਨਵਾਦੀ ਹਾਂ ਭਾਰਤ ਵਿਚ ਭਾਈ ਮਰਦਾਨਾ ਜੀ ਦੀ ਯਾਦਗਾਰ ਬਣੀ ਹੋਈ ਹੈ ਅਤੇ ਉਨ੍ਹਾਂ ਦਾ ਜਨਮ ਦਿਨ ਵੀ ਮਨਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਅਸੀਂ ਹਮੇਸ਼ਾ ਹੀ ਸਿੱਖ ਵੀਰਾਂ ਨਾਲ ਸਹਿਯੋਗ ਕਰਦੇ ਆ ਰਹੇ ਹਾਂ, ਅਸੀਂ ਸਿੱਖਾਂ ਦੇ ਜਥੇ ਵੱਧ ਕਰਨ ਦੀ ਵੀ ਪੂਰੀ ਕੋਸ਼ਿਸ਼ ਕਰਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਅੰਮ੍ਰਿਤਸਰ ਦੀ ਤਰੱਕੀ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਿਆ ਜਾਵੇਗਾ : ਤਰਨਜੀਤ ਸਿੰਘ ਸੰਧੂ ਸਮੁੰਦਰੀ

# ਇਸ ਵਾਰ ਤਰਨਜੀਤ ਸਿੰਘ ਸੰਧੂ ਹੀ ਲੋਕ ਸਭਾ 'ਚ ਅੰਮ੍ਰਿਤਸਰ ਦੀ ਨੁਮਾਇੰਦਗੀ ਕਰੇਗਾ : ਰੋਮੀ ਚੋਪੜਾ

**ਅੰਮ੍ਰਿਤਸਰ, 13 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ ਵਿੱਚ ਭਾਰਤ ਦੇ ਰਾਜਦੂਤ ਰਹੇ ਸ. ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਨਰਿੰਦਰ ਮੋਦੀ ਤੀਜੀ ਵਾਰ ਸਰਕਾਰ ਬਣਾਉਣ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਜੇਕਰ ਅੰਮ੍ਰਿਤਸਰ ਦੇ ਲੋਕ ਮੈਂ ਨੂੰ ਚੁਣ ਕੇ ਸੰਸਦ ਵਿੱਚ ਭੇਜਦੇ ਹਨ ਤਾਂ ਮੈਂ ਵਾਅਦਾ ਕਰਦਾ ਹਾਂ ਕਿ ਨਰਿੰਦਰ ਮੋਦੀ ਤੋਂ ਵਿਸ਼ੇਸ਼ ਪੈਕੇਜ ਲੈ ਕੇ ਇਤਿਹਾਸਕ ਸ਼ਹਿਰ ਅੰਮ੍ਰਿਤਸਰ ਦੀ ਤਰੱਕੀ ਵਿੱਚ ਕੋਈ ਕਸਰ ਬਾਕੀ ਨਹੀਂ ਛੱਡਿਆ ਜਾਵੇਗਾ।



ਵਿਧਾਨ ਸਭਾ ਹਲਕਾ ਕੇਂਦਰ ਦੇ ਮੰਡਲ ਕਟੜਾ ਭਾਈ ਸੰਤ ਸਿੰਘ ਵਿਖੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਸ. ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਸ਼ਹਿਰ ਦੇ ਕੁਝ ਹਿੱਸਿਆਂ ਨੂੰ ਛੱਡ ਕੇ ਜ਼ਿਆਦਾਤਰ ਸ਼ਹਿਰ ਦੀ ਹਾਲਤ ਤਰਸਯੋਗ ਹੈ ਅਤੇ ਉਹ ਗੁਰੂ ਦੀ ਨਗਰੀ ਨੂੰ ਇੰਦੌਰ ਵਾਂਗ ਸੁੰਦਰ ਬਣਾਉਣਗੇ।ਉਨ੍ਹਾਂ ਦੱਸਿਆ ਕਿ ਅੰਮ੍ਰਿਤਸਰ ਸ਼ਹਿਰ ਨਾਲ ਬਹੁਤ ਵੱਡਾ ਰਿਸ਼ਤਾ ਹੈ।ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਮੈਂ ਅੰਮ੍ਰਿਤਸਰ ਸ਼ਹਿਰ ਜਿਸ ਦੇ ਉਹ ਵਸਨੀਕ ਹਨ ਅਤੇ ਉਸ ਦੇ ਬਜ਼ੁਰਗਾਂ ਦਾਦਾ ਸ. ਤੇਜਾ ਸਿੰਘ ਸਮੁੰਦਰੀ ਅਤੇ ਪਿਤਾ ਸ. ਬਿਸ਼ਨ ਸਿੰਘ ਸਮੁੰਦਰੀ ਨੇ ਇਥੇ ਰਹਿ ਕੇ ਦੇਸ਼ ਕੌਮ ਦੀ ਸੇਵਾ ਕੀਤੀ । ਮੈਂ ਦੇਸ਼ ਦੀ ਸੇਵਾ ਕਰਨ ਤੋਂ ਬਾਅਦ ਇਥੇ ਕੰਮ ਕਰਨ ਤੇ ਲੋਕਾਂ ਦੀ ਸੇਵਾ ਕਰਨ ਆਇਆ ਹਾਂ, ਮੇਰਾ ਇੱਕੋ ਇੱਕ ਉਦੇਸ਼ ਅੰਮ੍ਰਿਤਸਰ ਦਾ ਵਿਕਾਸ ਕਰਨਾ ਅਤੇ ਅੰਮ੍ਰਿਤਸਰ ਦੇ ਕਾਰੋਬਾਰ ਨੂੰ ਵਧਾਉਣਾ ਹੈ ।

ਅੰਮ੍ਰਿਤਸਰ ਵਿੱਚ ਵਿਗੜ ਰਹੀ ਅਮਨ-ਕਾਨੂੰਨ ਦੀ ਸਥਿਤੀ 'ਤੇ ਬੋਲਦਿਆਂ ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿੱਚ ਅਮਨ-ਕਾਨੂੰਨ ਦੀ ਸਥਿਤੀ ਲਈ ਰਾਜ ਸਰਕਾਰ ਅਤੇ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਜਵਾਬਦੇਹ ਹੋਣਾ ਪਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਨਸ਼ਿਆਂ ਦੀ ਮਾਰ ਝੱਲ ਰਿਹਾ ਹੈ।ਅੰਮ੍ਰਿਤਸਰ ਵਿੱਚ ਨਸ਼ਾ ਆਪਣੇ ਸਿਖਰ 'ਤੇ ਹੈ।ਇਸ ਨੂੰ ਖ਼ਤਮ ਕਰਨ ਲਈ ਸਖ਼ਤ ਕਦਮ ਚੁੱਕੇ ਜਾਣਗੇ।ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿਚ ਟੂਰਿਜ਼ਮ ਲਈ ਵਧੇਰੇ ਅਵਸਰ ਹਨ। ਹਰ ਰੋਜ਼ ਡੇਢ ਲੱਖ ਤੋਂ ਵੱਧ ਯਾਤਰੀ ਅੰਮ੍ਰਿਤਸਰ ਆਉਂਦੇ ਹਨ, ਜਿਸ ਨੂੰ ਟੂਰਿਜ਼ਮ ਇੰਡਸਟਰੀ ਵਿਚ ਬਦਲਿਆ ਜਾਵੇ ਤਾਂ ਅੰਮ੍ਰਿਤਸਰ ਦੀ ਆਰਥਿਕਤਾ 20 ਫ਼ੀਸਦੀ ਤੋਂ ਵੱਧ ਕੇ 100 ਫ਼ੀਸਦੀ ਤੱਕ ਲਿਜਾਇਆ ਜਾ ਸਕੇਗਾ। ਨੌਜਵਾਨ ਸਟਾਰਟਅੱਪ ਸ਼ੁਰੂ ਕਰ ਸਕਦੇ ਹਨ। ਉਨ੍ਹਾਂ ਕਿਹਾ ਕਿ ਸ੍ਰੀ ਦਰਬਾਰ ਸਾਹਿਬ, ਸ੍ਰੀ ਦੁਰਗਿਆਣਾ ਮੰਦਿਰ, ਭਗਵਾਨ ਸ੍ਰੀ ਵਾਲਮੀਕਿ ਜੀ ਤੀਰਥ ਅਤੇ ਅੰਮ੍ਰਿਤਸਰ ਵਿਖੇ ਹੋਰ ਧਾਰਮਿਕ ਸਥਾਨਾਂ ਨੂੰ ਪ੍ਰਫੁੱਲਿਤ ਕਰਕੇ ਅੰਮ੍ਰਿਤਸਰ ਨੂੰ ਵਿਸ਼ਵ ਦਾ ਨੰਬਰ ਇਕ ਸੈਲਾਨੀ ਹੱਬ ਬਣਾਇਆ ਜਾਵੇਗਾ।ਜੇਕਰ ਸ਼ਹਿਰ ਵਿੱਚ ਸੈਲਾਨੀਆਂ ਦੀ ਗਿਣਤੀ ਦੁੱਗਣੀ ਹੋ ਜਾਂਦੀ ਹੈ ਤਾਂ ਇਸ ਦਾ ਸਿੱਧਾ ਫ਼ਾਇਦਾ ਸ਼ਹਿਰ ਵਾਸੀਆਂ ਨੂੰ ਹੋਵੇਗਾ ਅਤੇ ਅਸੀਂ ਆਪਣੇ ਬੱਚਿਆਂ ਨੂੰ ਆਪਣੇ ਕਾਰੋਬਾਰਾਂ ਵਿੱਚ ਲਗਾ ਕੇ ਉਨ੍ਹਾਂ ਨੂੰ ਬਰਕਰਾਰ ਰੱਖ ਸਕਾਂਗੇ।

ਆਵਾਜ਼ਿ ਕੌਮ AWAZE QAUM International Newspaper & WEB TV

ਮੰਡਲ ਪ੍ਰਧਾਨ ਰੋਮੀ ਚੋਪੜਾ ਨੇ ਕਿਹਾ ਕਿ ਕੇਂਦਰ ਵਿੱਚ ਭਾਜਪਾ ਦੀ ਹੈਟ੍ਰਿਕ ਬਣਾਉਣ ਅਤੇ ਲੋਕ ਸਭਾ ਵਿੱਚ 400 ਸੀਟਾਂ ਦਾ ਅੰਕੜਾ ਪਾਰ ਕਰਨ ਦੇ ਮੰਤਵ ਦੀ ਪੂਰਤੀ ਲਈ ਅੰਮ੍ਰਿਤਸਰ ਤੋਂ ਲੋਕ ਸਭਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਭਾਰੀ ਵੋਟਾਂ ਨਾਲ ਜਿਤਾਇਆ ਜਾਵੇਗਾ। ਮੰਡਲ ਪ੍ਰਧਾਨ ਰੋਮੀ ਚੋਪੜਾ ਨੇ ਤਰਨਜੀਤ ਸੰਧੂ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਇਸ ਵਾਰ ਤਰਨਜੀਤ ਸਿੰਘ ਸੰਧੂ ਦੇ ਪੱਖ ਵਿਚ ਹਵਾ ਚੱਲ ਰਹੀ ਹੈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਹਰਵਿੰਦਰ ਸਿੰਘ ਸੰਧੂ, ਹਲਕਾ ਸੈਂਟਰ ਇੰਚਾਰਜ ਡਾ: ਰਾਮ ਚਾਵਲਾ, ਸਾਬਕਾ ਮੰਡਲ ਪ੍ਰਧਾਨ ਇੰਦਰਪਾਲ ਆਰੀਆ, ਹੇਮੰਤ ਪਿੰਕੀ, ਜਨਰਲ ਸਕੱਤਰ ਸੰਜੀਵ ਵੋਹਰਾ, ਤਰਵਿੰਦਰ ਬਿੱਲਾ, ਵਿਸ਼ਾਲ ਆਰੀਆ ਆਰੀਆ, ਰਾਕੇਸ਼ ਵੈਦ, ਸੰਜੇ ਖੰਨਾ, ਵਿਕੀ ਮਹਿਰਾ, ਭਜਨ ਲਾਲ ਵਧਵਾ, ਮਨਜੀਤ ਚੰਡੋਕ, ਹਰੀ ਓਮ, ਵਿਕਰਮ ਸੇਠ, ਰਜਤ ਚੋਪੜਾ, ਸੰਜੀਵ ਬਿੱਟੂ, ਸ਼ਾਮ ਸ਼ਰਮਾ, ਦੀਪਕ ਸ਼ਰਮਾ, ਰਾਕੇਸ਼ ਗਿੱਲ, ਅਜੈ ਯੋਗ, ਪ੍ਰਮੋਦ ਭੋਲਾ, ਬੱਬੀ ਪਹਿਲਵਾਨ, ਰਾਕੇਸ਼ ਮੰਨਾ, ਕਰਨ ਵੇਸ਼, ਅਭਿਸ਼ੇਕ ਕੋਹਲੀ ਆਦਿ ਹਾਜ਼ਰ ਸਨ।

## ਛੇਹਰਟਾ ਵਿਚ ਇੰਡਸਟਰੀ ਲਿਆਉਣ ਦੀ ਪਹਿਲ ਰਹੇਗੀ- ਤਰਨਜੀਤ ਸਿੰਘ ਸੰਧੂ ਸਮੁੰਦਰੀ

# ਜਿੱਥੇ ਵੀ ਕੋਈ ਭਾਜਪਾ ਵਰਕਰ ਅਵਾਜ਼ ਦੇਵੇਗਾ ਮੈਂ ਖੜ੍ਹਾ ਮਿਲਾਂਗਾ- ਸੰਧੂ ਸਮੁੰਦਰੀ





**ਅੰਮ੍ਰਿਤਸਰ, 13 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਅਮਰੀਕਾ ਵਿੱਚ ਭਾਰਤ ਦੇ ਰਾਜਦੂਤ ਰਹੇ ਸ. ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਕਿਹਾ ਕਿ ਛੇਹਰਟਾ ਵਿਚ ਇੰਡਸਟਰੀ ਲਿਆਉਣ ਦੀ ਪਹਿਲ ਰਹੇਗੀ। ਛੇਹਰਟਾ ਅੰਮ੍ਰਿਤਸਰ ਵਿਚ ਇੰਡਸਟਰੀ ਲਈ ਜਾਣਿਆ ਜਾਂਦਾ ਸੀ ਜੋ ਹੁਣ ਰਾਜ ਸਰਕਾਰ ਦੀ ਬੇਰੁਖ਼ੀ ਦਾ ਸ਼ਿਕਾਰ ਹੈ। ਸ. ਸੰਧੂ ਨੇ ਕਿਹਾ ਕਿ ਅਨੇਕਾਂ ਕੰਪਨੀਆਂ ਭਾਰਤ 'ਚ ਨਿਵੇਸ਼ ਕਰ ਰਹੀਆਂ ਹਨ, ਇਹ ਨਿਵੇਸ਼ ਅੰਮ੍ਰਿਤਸਰ ਵੀ ਲਿਆਂਦਾ ਜਾਵੇਗਾ। ਸ. ਤਰਨਜੀਤ ਸਿੰਘ ਸੰਧੂ ਭਾਜਪਾ ਖੰਡ ਵਾਲਾ ਮੰਡਲ ਦੀ ਬੂਥ ਸੰਮੇਲਨ ਨੂੰ ਸੰਬੋਧਨ ਕਰ ਰਹੇ ਸਨ। ਸਮਾਗਮ ਆਯੋਜਕ ਮੰਡਲ ਪ੍ਰਧਾਨ ਨਰੇਸ਼ ਕੁਮਾਰ ਰੀਕੋ ਨੇ ਸ. ਸੰਧੂ ਨੂੰ ਮੁਖ਼ਾਤਬ ਹੁੰਦਿਆਂ ਕਿਹਾ ਕਿ ਤੁਸੀਂ ਜਿੱਤ ਚੁੱਕੇ ਹੋ ਵਰਕਰਾਂ ਦੀ ਬਾਂਹ ਤੁਹਾਡੇ ਹਵਾਲੇ ਹੈ। ਇਸ 'ਤੇ ਸ. ਸੰਧੂ ਨੇ ਕਿਹਾ ਕਿ ਜਿੱਥੇ ਵੀ ਕੋਈ ਭਾਜਪਾ ਵਰਕਰ ਅਵਾਜ਼ ਦੇਵੇਗਾ ਮੈਂ ਹਾਜ਼ਰ ਹੋਵਾਂਗਾ ਅਤੇ ਖੜ੍ਹਾ ਮਿਲੇਗਾ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਝੂਠੇ ਲਾਰਿਆਂ ਨਾਲ ਸਤਾ ਵਿਚ ਆਈ ਹੈ, ਕੇਂਦਰੀ ਸਕੀਮਾਂ ਲੋਕਾਂ ਤਕ ਨਹੀਂ ਪਹੁੰਚ ਰਹੀ ਪਰ ਜਿਹੜੀਆਂ ਕੁਝ ਇਕ ਸਕੀਮਾਂ ਲੋਕਾਂ ਤਕ ਪਹੁੰਚ ਰਹੀਆਂ ਹਨ ਉਸ 'ਤੇ ਆਪਣਾ ਲੇਬਰ ਲਾਉਣ ਤੋਂ ਬਿਨਾ ਆਪ ਸਰਕਾਰ ਕੁਝ ਨਹੀਂ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਛੇਹਰਟਾ ਦੇ ਲੋਕਾਂ ਨੂੰ ਗੰਦੇ ਪਾਣੀ, ਸੀਵਰੇਜ, ਖ਼ਰਾਬ ਸੜਕਾਂ ਨਾਲ ਦੋ - ਚਾਰ ਹੋਣਾ ਪੈ ਰਿਹਾ ਹੈ, ਪਰ ਸਰਕਾਰ ਅਤੇ ਪ੍ਰਸ਼ਾਸਨ ਦਾ ਇਸ ਵਲ ਕੋਈ ਧਿਆਨ ਨਹੀਂ। ਰਿਸ਼ਵਤ ਵੱਧ ਰਹੀ ਹੈ ਅਤੇ ਬਿਨਾ ਰਿਸ਼ਵਤ ਕੋਈ ਕੰਮ ਨਹੀਂ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਦੇ ਮੌਜੂਦਾ ਸੰਸਦ ਮੈਂਬਰ ਨੇ ਪਿਛਲੇ 7 ਸਾਲਾਂ 'ਚ ਸ਼ਹਿਰ ਬਾਰੇ ਨਹੀਂ ਸੋਚਿਆ। ਅੰਮ੍ਰਿਤਸਰ ਸਿਫ਼ਤੀਂ ਦਾ ਘਰ ਹੈ ਅਤੇ ਇਸ ਨੂੰ ਇਹ ਦਰਜਾ ਦਿਵਾਉਣ ਲਈ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਤੋਂ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਇੰਦੌਰ ਜਿਵੇਂ ਦਾ ਸੁੰਦਰ ਸ਼ਹਿਰ ਬਣਿਆ ਮੈਂ ਵਾਅਦਾ ਕਰਦਾ ਹਾਂ ਕਿ ਜਦੋਂ 2027 ਵਿੱਚ ਅੰਮ੍ਰਿਤਸਰ ਦੇ 450 ਸਾਲ ਪੂਰੇ ਹੋਣਗੇ ਤਾਂ ਇਸ ਗੁਰੂ ਨਗਰੀ ਦੀ ਨੁਹਾਰ ਬਦਲਿਆ ਹੋਵੇਗਾ। । 2027 ਵਿੱਚ ਆਈ ਪੀ ਐੱਲ ਮੈਚ ਗਾਂਧੀ ਮੈਦਾਨ ਵਿੱਚ ਕਰਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ 'ਚ ਗੁਰੂ ਸਾਹਿਬਾਨ ਨੇ ਵਪਾਰ ਅਤੇ ਲਘੂ ਉਦਯੋਗ ਨੂੰ ਸਥਾਪਿਤ ਕੀਤਾ ਸੀ। ਅਜ਼ਾਦੀ ਤੋਂ ਪਹਿਲਾਂ ਉਦਯੋਗ 'ਚ ਅੰਮ੍ਰਿਤਸਰ ਖ਼ਾਸਕਰ ਕੇ ਛੇਹਰਟਾ ਪਹਿਲੇ ਸਥਾਨ 'ਤੇ ਸੀ ਜੋ ਹੁਣ ਘਟ ਕੇ 25 ਫ਼ੀਸਦੀ ਰਹਿ ਗਿਆ ਹੈ। ਇਸ ਨੂੰ ਠੋਸ ਨੀਤੀਆਂ ਰਾਹੀਂ ਮੁੜ ਸਥਾਪਿਤ ਕੀਤਾ ਜਾ ਸਕਦਾ ਹੈ। ਇਸ ਕਾਰਜ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਪੂਰਾ ਸਹਿਯੋਗ ਲਿਆ ਜਾਵੇਗਾ। ਗੁਆਂਢੀ ਰਾਜਾਂ ਵਿਚ ਜੋ ਇੰਡਸਟਰੀ ਨੂੰ ਸਹੂਲਤਾਂ ਮਿਲ ਰਹੀਆਂ ਹਨ ਉਹ ਅੰਮ੍ਰਿਤਸਰ ਦੇ ਸਰਹੱਦੀ ਇਲਾਕੇ ਨੂੰ ਵੀ ਮਿਲਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬਹੁ ਕੌਮੀ ਵਿਦੇਸ਼ੀ ਕੰਪਨੀਆਂ ਅੰਮ੍ਰਿਤਸਰ ਵਿੱਚ ਆਪਣੇ ਪ੍ਰੋਜੈਕਟ ਲਗਾਉਣ ਲਈ ਤਿਆਰ ਬੈਠੀਆਂ ਹਨ, ਜਿਸ ਦਾ ਇਲਾਕਾ ਨਿਵਾਸੀਆਂ ਨੂੰ ਜਲਦ ਹੀ ਫ਼ਾਇਦਾ ਦਵਾ ਕੇ ਗੁਰੂ ਨਗਰੀ ਨੂੰ ਹਰ ਪੱਖ ਤੋਂ ਵਧੀਆ ਤਰੀਕੇ ਨਾਲ ਵਿਕਸਤ ਅਤੇ ਖ਼ੁਸ਼ਹਾਲ ਬਣਾਇਆ ਜਾਵੇਗਾ। ਇਸ ਮੌਕੇ ਭਾਜਪਾ ਸ਼ਹਿਰੀ ਪ੍ਰਧਾਨ ਹਰਵਿੰਦਰ ਸਿੰਘ ਸੰਧੂ ਨੇ ਅੰਮ੍ਰਿਤਸਰ ਵਾਸੀਆਂ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਨੇ ਹੀਰੇ ਦੀ ਪਰਖ ਕੀਤੀ ਅਤੇ ਉਸ ਨੂੰ ਅੰਮ੍ਰਿਤਸਰ ਭੇਜਿਆ ਹੈ। ਇਸ ਹੀਰੇ ਨੇ ਆਪਣੀ ਚਮਕ ਦੇ ਨਾਲ ਵਿਸ਼ਵ ਦੇ ਵਿੱਚ ਅੰਮ੍ਰਿਤਸਰ ਦਾ ਨਾਮ ਰੋਸ਼ਨ ਕੀਤਾ ਹੈ। ਅੰਮ੍ਰਿਤਸਰ ਦੀ ਤਰੱਕੀ ਅਤੇ ਖ਼ੁਸ਼ਹਾਲੀ ਲਈ ਭਾਜਪਾ ਉਮੀਦਵਾਰ ਤਰਨਜੀਤ ਸਿੰਘ ਸੰਧੂ ਨੂੰ ਜਿੱਤ ਦਿਵਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਇਹ ਅੰਮ੍ਰਿਤਸਰ ਦੇ ਵਿਕਾਸ 'ਚ ਯੋਗਦਾਨ ਪਾਉਣ ਦਾ ਅੱਜ ਸੁਨਹਿਰੀ ਮੌਕਾ ਹੈ। ਇਸ ਮੌਕੇ ਨੂੰ ਨਾ ਗਵਾਇਆ ਜਾਵੇ ਅਤੇ ਸ. ਸੰਧੂ ਦੇ ਹੱਕ ਵਿੱਚ ਕਮਲ ਦੇ ਫੁੱਲ 'ਤੇ ਵੋਟਿੰਗ ਕਰਕੇ ਜਿੱਤ ਦਾ ਫ਼ਤਵਾ ਜਾਰੀ ਕੀਤਾ ਜਾਵੇ। ਇਸ ਮੌਕੇ ਸ. ਤਰਨਜੀਤ ਸਿੰਘ ਸੰਧੂ ਨੇ ਗੁਰਦੁਆਰਾ ਸਾਹਿਬ ਅਤੇ ਮੰਦਰ ਵਿਚ ਮੱਥਾ ਟੇਕਿਆ। ਇਸ ਮੌਕੇ ਭਾਜਪਾ ਦੇ ਸੀਨੀਅਰ ਆਗੂ ਐਸ ਪੀ ਕੇਵਲ, ਕੁਮਾਰ ਅਮਿਤ, ਨਰੇਸ਼ ਕੁਮਾਰ ਰੀਕੋ, ਕੁਲਦੀਪ ਸ਼ਰਮਾ, ਅਰੁਣ ਭਲਾ, ਮਨੀਸ਼, ਸੰਜੀਵ ਕੁਮਾਰ, ਸੂਰਜ ਮਦਾਨ, ਅਮਿਤ ਰਾਏ, ਸੁਮਨ ਕੁਮਾਰੀ, ਬਾਲਾਜੀ, ਰਵਿੰਦਰ ਸੇਠੀ, ਸ਼ੇਖਰ ਮਹਿਤਾ, ਰਾਜੀਵ ਸੰਨ., ਸੰਜੇ ਚੋਪੜਾ, ਤਰਸੇਮ ਸੈਣੀ ਤੇ ਸੰਜੀਵ ਬੱਬੀ ਵੀ ਮੌਜੂਦ ਸਨ।

> ☛ ਅਨੇਕਾਂ ਕੰਪਨੀਆਂ ਭਾਰਤ 'ਚ ਨਿਵੇਸ਼ ਕਰ ਰਹੀਆਂ ਹਨ, ਇਹ ਨਿਵੇਸ਼ ਅੰਮ੍ਰਿਤਸਰ ਵੀ ਲਿਆਂਦਾ ਜਾਵੇਗਾ।
> ☛ ਸ. ਤਰਨਜੀਤ ਸਿੰਘ ਸੰਧੂ ਤੇ ਹਰਵਿੰਦਰ ਸੰਧੂ ਨੇ ਭਾਜਪਾ ਖੰਡ ਵਾਲਾ ਮੰਡਲ ਦੀ ਬੂਥ ਸੰਮੇਲਨ ਨੂੰ ਕੀਤਾ ਸੰਬੋਧਨ।

ਆਵਾਜ਼ਿ ਕੌਮ AWAZE QAUM International Newspaper & WEB TV

# ਬਹੁਜਨ ਸਮਾਜ ਪਾਰਟੀ ਨੇ ਲੋਕ ਸਭਾ ਹਲਕਾ ਜਲੰਧਰ ਤੋਂ ਬਲਵਿੰਦਰ ਕੁਮਾਰ ਨੂੰ ਉਮੀਦਵਾਰ ਐਲਾਨਿਆ



**ਪਠਾਨਕੋਟ/ਜਲੰਧਰ, 13 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਬਹੁਜਨ ਸਮਾਜ ਪਾਰਟੀ ਪੰਜਾਬ ਵਲੋਂ ਜਾਰੀ ਪ੍ਰੈਸ ਨੋਟ ਵਿੱਚ ਕਿਹਾ ਗਿਆ ਕਿ ਬਸਪਾ ਦੇ ਰਾਸ਼ਟਰੀ ਪ੍ਰਧਾਨ ਭੈਣ ਕੁਮਾਰੀ ਮਾਇਆਵਤੀ ਜੀ ਦੇ ਹੁਕਮ ਅਨੁਸਾਰ ਅਤੇ ਪੰਜਾਬ ਹਰਿਆਣਾ ਚੰਡੀਗੜ੍ਹ ਦੇ ਇੰਚਾਰਜ ਸ਼੍ਰੀ ਰਣਧੀਰ ਸਿੰਘ ਬੈਨੀਵਾਲ ਜੀ ਦੇ ਦਿਸ਼ਾ ਨਿਰਦੇਸ਼ਾਂ ਵਿੱਚ ਬਸਪਾ ਦੇ ਲੋਕ ਸਭਾ ਜਲੰਧਰ ਤੋਂ ਉਮੀਦਵਾਰ ਐਡਵੋਕੇਟ ਬਲਵਿੰਦਰ ਕੁਮਾਰ ਜੀ ਹੋਣਗੇ। ਕੇਂਦਰੀ ਕੋਆਰਡੀਨੇਟਰ ਸ਼੍ਰੀ ਬੈਣੀਵਾਲ ਜੀ ਨੇ ਕਿਹਾ ਕਿ ਜਲਦ ਹੀ ਪੰਜਾਬ ਦੀਆਂ ਸਾਰੀਆਂ ਸੀਟਾਂ ਤੇ ਉਮੀਦਵਾਰ ਘੋਸ਼ਿਤ ਕਰ ਦਿੱਤੇ ਜਾਣਗੇ, ਸਾਰੇ ਉਮੀਦਵਾਰਾਂ ਦੇ ਪੈਨਲ ਤੇ ਅੰਤਿਮ ਫੈਂਸਲਾ ਭੈਣ ਕੁਮਾਰੀ ਮਾਇਆਵਤੀ ਜੀ ਵਲੋਂ ਲਿਆ ਜਾ ਰਿਹਾ ਹੈ। ਬਸਪਾ ਸੂਬਾ ਪ੍ਰਧਾਨ ਸ. ਜਸਵੀਰ ਸਿੰਘ ਗੜ੍ਹੀ ਨੇ ਕਿਹਾ ਕਿ ਵੱਖ ਵੱਖ ਰਾਜਨੀਤਿਕ ਦਲਾਂ ਦੇ ਪੰਜਾਬ ਦੇ ਨਕਲੀ ਤੇ ਝੂਠੇ ਦਲਿਤ ਚੇਹਰਿਆਂ ਨੂੰ ਮਲੀਆਮੇਟ ਕਰਨ ਦਾ ਕੰਮ ਜਲੰਧਰ ਲੋਕ ਸਭਾ ਦੇ ਉਮੀਦਵਾਰ ਐਡਵੋਕੇਟ ਬਲਵਿੰਦਰ ਕੁਮਾਰ ਜੀ ਕਰਨਗੇ। ਸ਼੍ਰੀ ਬਲਵਿੰਦਰ ਜੀ ਮੌਜੂਦਾ ਬਸਪਾ ਪੰਜਾਬ ਦੇ ਜਨਰਲ ਸਕੱਤਰ ਹਨ ਤੇ ਪਿਛਲੇ ਚਾਰ ਮਹੀਨਿਆਂ ਤੋਂ ਲੋਕ ਸਭਾ ਇੰਚਾਰਜ ਦੇ ਤੌਰ ਤੇ ਲਗਾਤਾਰ ਸਰਗਰਮ ਸਨ। ਇਸ ਤੋਂ ਪਹਿਲਾਂ ਉਹ 2017 ਅਤੇ 2022 ਦੀ ਵਿਧਾਨ ਸਭਾ ਚੋਣ ਕਰਤਾਰਪੁਰ ਤੋਂ ਲੜ ਚੁੱਕੇ ਹਨ ਜਦੋਂ ਕਿ 2019 ਵਿੱਚ ਲੋਕ ਸਭਾ ਜਲੰਧਰ ਤੋਂ 2ਲੱਖ 4ਹਜ਼ਾਰ ਵੋਟਾਂ ਲੈਕੇ ਮੁਕਾਬਲੇ ਵਿਚ ਭਾਰੂ ਰਹੇ ਸਨ। ਸ ਗੜ੍ਹੀ ਨੇ ਕਿਹਾ ਕਿ ਕਾਂਗਰਸ ਨੇ ਨਕਲੀ ਤੇ ਝੂਠੇ ਦਲਿਤ ਚੇਹਰੇ ਅੱਗੇ ਕਰਕੇ ਹਮੇਸ਼ਾ ਦੇਸ਼ ਭਰ ਵਿਚ ਦਲਿਤ ਵਰਗ ਨੂੰ ਗੁੰਮਰਾਹ ਕੀਤਾ ਹੈ, ਜਿਸਦੇ ਖ਼ਿਲਾਫ਼ ਪੂਰੇ ਪੰਜਾਬ ਵਿਚ ਲੜਾਈ ਬਹੁਜਨ ਸਮਾਜ ਪਾਰਟੀ ਲੜ ਰਹੀ ਹੈ। ਅੱਜ ਪੂਰੇ ਦਿਨ ਵਿਚ ਇਹ ਦੂਜਾ ਉਮੀਦਵਾਰ ਹੈ ਜੋਕਿ ਅੱਜ ਘੋਸ਼ਿਤ ਕੀਤਾ ਗਿਆ ਇਸ ਤੋਂ ਪਹਿਲਾ ਸਵੇਰੇ ਪਟਿਆਲਾ ਲੋਕ ਸਭਾ ਤੋਂ ਸ਼੍ਰੀ ਜਗਜੀਤ ਛਰਬੜ ਜੀ ਨੂੰ ਐਲਾਨਿਆ ਗਿਆ ਸੀ। ਇਸ ਤਰ੍ਹਾਂ ਬਸਪਾ ਕੁਲ ਪੰਜ ਉਮੀਦਵਾਰ ਘੋਸ਼ਿਤ ਕਰ ਚੁੱਕੀ ਹੈ ਜਿਸ ਵਿਚ ਫਿਰੋਜ਼ਪੁਰ ਤੋਂ ਸ਼੍ਰੀ ਸੁਰਿੰਦਰ ਕੰਬੋਜ਼, ਹੁਸ਼ਿਆਰਪੁਰ ਤੋਂ ਸ਼੍ਰੀ ਰਾਕੇਸ਼ ਕੁਮਾਰ ਸੁਮਨ ਅਤੇ ਸੰਗਰੂਰ ਤੋਂ ਡਾ ਮੱਖਣ ਸਿੰਘ ਸ਼ਾਮਿਲ ਹਨ।

# ਮਣੀ ਅਕਾਲੀ ਦਲ ਵੱਲੋਂ ਲੋਕ ਸਭਾ ਚੋਣਾਂ ਲਈ ਉਮੀਦਵਾਰਾਂ ਦਾ ਐਲਾਨ







**ਚੰਡੀਗੜ੍ਹ, 13 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਵੱਲੋਂ ਲੋਕ ਸਭਾ ਚੋਣਾਂ ਦੇ ਲਈ ਉਮੀਦਵਾਰਾਂ ਦਾ ਐਲਾਨ ਕਰ ਦਿੱਤਾ ਗਿਆ ਹੈ। ਪਹਿਲੀ ਸੂਚੀ ਵਿਚ ਅਕਾਲੀ ਦਲ ਨੇ 7 ਉਮੀਦਵਾਰਾਂ ਦਾ ਐਲਾਨ ਕੀਤਾ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਡਾ. ਦਲਜੀਤ ਸਿੰਘ ਚੀਮਾ ਨੇ ਦੱਸਿਆ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਲੋਕ ਸਭਾ ਚੋਣਾਂ ਲਈ 7 ਉਮੀਦਵਾਰਾਂ ਦੀ ਸੂਚੀ ਜਾਰੀ ਕਰ ਦਿੱਤੀ ਗਈ ਹੈ। ਪਾਰਟੀ ਨੇ ਉਮੀਦਵਾਰਾਂ ਦੇ ਐਲਾਨ ਲਈ ਖ਼ਾਲਸਾ ਸਾਜਨਾ ਦਿਵਸ ਦੀ ਚੋਣ ਕੀਤੀ ਗਈ ਹੈ। ਸ਼੍ਰੋਮਣੀ ਅਕਾਲੀ ਦਲ ਵੱਲੋਂ ਗੁਰਦਾਸਪੁਰ ਤੋਂ ਡਾ. ਦਲਜੀਤ ਸਿੰਘ ਚੀਮਾ, ਸ੍ਰੀ ਆਨੰਦਪੁਰ ਸਾਹਿਬ ਤੋਂ ਪ੍ਰੋ. ਪ੍ਰੇਮ ਸਿੰਘ ਚੰਦੂਮਾਜਰਾ, ਪਟਿਆਲਾ ਤੋਂ ਐੱਨ.ਕੇ. ਸ਼ਰਮਾ, ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਅਨਿਲ ਜੋਸ਼ੀ, ਸ੍ਰੀ ਫ਼ਤਿਹਗੜ੍ਹ ਸਾਹਿਬ ਤੋਂ ਬਿਕਰਮਜੀਤ ਸਿੰਘ ਖ਼ਾਲਸਾ, ਫ਼ਰੀਦਕੋਟ ਤੋਂ ਰਾਜਵਿੰਦਰ ਸਿੰਘ ਅਤੇ ਸੰਗਰੂਰ ਤੋਂ ਇਕਬਾਲ ਸਿੰਘ ਨੂੰ ਉਮੀਦਵਾਰ ਐਲਾਨਿਆ ਗਿਆ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਬੁੱਢਾ ਦਲ ਦੇ ਮੁਖੀ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਦੀ ਅਗਵਾਈ ਵਿਚ ਖਾਲਸਾ ਸਾਜਨਾ ਦਿਵਸ ਵਿਸਾਖੀ ਨੂੰ ਸਮਰਪਿਤ ਮਹੱਲਾ ਅੱਜ



**ਤਲਵੰਡੀ ਸਾਬੋ, 13 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**-ਬੁੱਢਾ ਦਲ ਵੱਲੋਂ ਗੁ: ਬੇਰ ਸਾਹਿਬ ਦੇਗਸਰ ਵਿਖੇ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਜੋ ਪਰਸੋਂ ਰੋਜ਼ ਤੋਂ ਰੱਖੇ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਗੁਰਬਾਣੀ ਦਾ ਮਨੋਹਰ ਕੀਰਤਨ ਬਾਬਾ ਮੱਘਰ ਸਿੰਘ ਮੁਖ ਗ੍ਰੰਥੀ ਬੁੱਢਾ ਦਲ ਨੇ ਕੀਤਾ ਅਰਦਾਸ ਬਾਬਾ ਸੁਖਵਿੰਦਰ ਸਿੰਘ ਮੌਰ ਨੇ ਕੀਤੀ। ਇਸ ਮੌਕੇ ਬੁੱਢਾ ਦਲ ਦੇ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਦਸਿਆ ਕਿ ਖ਼ਾਲਸਾ ਸਾਜਨਾ ਦਿਵਸ ਵਿਸਾਖੀ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਵਿਖੇ ਚੱਲ ਰਹੇ ਜੋੜ ਮੇਲੇ ਦੇ ਆਖਰੀ ਦਿਨ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਨੂੰ ਗੁਰੂ ਸਾਹਿਬਾਨ ਵੱਲੋਂ ਬਖਸ਼ਿਸ਼ ਪੁਰਾਤਨ ਇਤਿਹਾਸਕ ਨਿਸ਼ਾਨ ਨਿਗਾਰਿਆਂ ਦੀ ਛਤਰ ਛਾਇਆ ਹੇਠ ਅਤੇ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ, ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ 14ਵੇਂ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਪੰਜਵਾਂ ਤਖਤ ਚਲਦਾ ਵਹੀਰ ਚੱਕ੍ਰਵਰਤੀ ਨਿਹੰਗ ਸਿੰਘਾਂ ਅਤੇ ਤਰਨਾਦਲ ਦੀਆਂ ਛਾਉਣੀਆਂ ਦੀ ਅਗਵਾਈ ਵਿਚ ਪੁਰਾਤਨ ਰਵਾਇਤ ਮੁਤਾਬਕ ਮਹੱਲਾ ਕੱਢਿਆ ਜਾਵੇਗਾ। ਮਹੱਲੇ ਦੀ ਸ਼ੁਰੂਆਤ ਬੁੱਢਾ ਦਲ ਦੇ ਮੁੱਖ ਅਸਥਾਨ ਗੁਰਦੁਆਰਾ ਬੇਰ ਸਾਹਿਬ ਦੇਗਸਰ ਸਾਹਿਬ ਪਾਤਸ਼ਾਹੀ 10ਵੀਂ ਛਾਉਣੀ ਨਿਹੰਗ ਸਿੰਘਾਂ ਵਿਖੇ ਸ੍ਰੀ ਦਸਮ ਗ੍ਰੰਥ ਜੀ ਅਤੇ ਸ੍ਰੀ ਸਰਬਲੋਹ ਗ੍ਰੰਥ ਜੀ ਦੇ ਪਾਠਾਂ ਦੇ ਭੋਗਾਂ ਉਪਰੰਤ ਹੋਵੇਗੀ। ਇਹ ਮਹੱਲਾ ਪੁਰਾਤਨ ਮਰਯਾਦਾ ਅਨੁਸਾਰ ਤਖ਼ਤ ਸ੍ਰੀ ਦਮਦਮਾ ਸਾਹਿਬ, ਗੁਰਦੁਆਰਾ ਜੰਡਸਰ, ਗੁਰਦੁਆਰਾ ਮਹੱਲਸਰ ਸਾਹਿਬ ਵਿਖੇ ਮੱਥਾ ਟੇਕਣ ਉਪਰੰਤ ਗੁਰੂ ਕਾਸ਼ੀ ਗੁਰਮਤਿ ਇੰਸਟੀਚਿਊਟ ਦੇ ਸਾਹਮਣੇ ਬੱਸ ਸਟੈਂਡ ਦੇ ਪਿਛੇ ਮੈਦਾਨ ਵਿੱਚ ਪੁੱਜੇਗਾ। ਜਿੱਥੇ ਸ਼੍ਰੋਮਣੀ ਸੇਵਾ ਰਤਨ ਨਿਹੰਗ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ, ਜਥੇਦਾਰ ਬਾਬਾ ਅਵਤਾਰ ਸਿੰਘ ਮੁਖੀ ਬਾਬਾ ਬਿਧੀਚੰਦ ਜੀ ਸੰਪਰਦਾਇ ਤਰਨਾ ਦਲ ਸੁਰਸਿੰਘ, ਜਥੇਦਾਰ ਬਾਬਾ ਜੋਗਾ ਸਿੰਘ ਮੁਖੀ ਮਿਸਲ ਸ਼ਹੀਦ ਤਰਨਾਦਲ ਬਾਬਾ ਬਕਾਲਾ, ਜਥੇਦਾਰ ਬਾਬਾ ਮੇਜਰ ਸਿੰਘ ਸੋਢੀ ਸਮੇਤ ਸਾਰੇ ਤਰਨਾ ਦਲਾਂ ਦੀਆਂ ਅਕਾਲੀ ਫੌਜਾਂ ਸਿੱਖ ਰਵਾਇਤੀ ਬਾਣਿਆਂ, ਸ਼ਸਤਰਾਂ, ਘੋੜਿਆਂ, ਹਾਥੀਆਂ, ਊਠਾਂ 'ਤੇ ਸਵਾਰ ਹੋ ਕੇ ਸ਼ਾਮਲ ਹੋਣਗੀਆਂ। ਖੁਲੇ ਮੈਦਾਨ ਵਿੱਚ ਨਿਹੰਗ ਸਿੰਘ ਘੋੜ ਦੌੜਾਂ ਅਤੇ ਜੰਗਜੂ ਗੱਤਕੇ ਦੇ ਜੌਹਰ ਵਖਾਉਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

# THE GURBANI SCHOOL

THE GURBANI SCHOOL

## ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।

## LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store




ਆਵਾਜ਼ਿ ਕੌਮ AWAZE QAUM International Newspaper & WEB TV

**INTERACTIVE LEARNING**
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

**8 EIGHT PRAYERS AVAILABLE**
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

**AUTO SCROLL GURBANI PLAYER**
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

**MULTILINGUAL**
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH